ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 21 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੬ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਭਰਾਤਾ ਸਰਪੰਚ ਹਰਜੀਤ ਸਿੰਘ ਰੋਡੇ ਨਮਿੱਤ ਸ਼ਰਧਾਂਜਲੀ ਸਮਾਗਮ 'ਚ ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀਆਂ ਹਾਜ਼ਰੀਆਂ

ਵਿਸਥਾਰ ਸਹਿਤ ਖ਼ਬਰਾਂ ਅਤੇ ਤਸਵੀਰਾਂ ਅੰਦਰਲੇ ਪੰਨਿਆਂ 'ਤੇ

### ਉੱਤਰ ਭਾਰਤ 'ਚੋਂ ਸਭ ਤੋਂ ਕਮਜ਼ੋਰ ਸਥਿਤੀ 'ਚ ਸਾਡਾ ਸੂਬਾ, ਮਾਨਸੂਨ ਦਾ ਰਿਪੋਰਟ ਕਾਰਡ ਜਾਰੀ


# ਸੋਕੇ ਵੱਲ ਵਧਿਆ ਪੰਜਾਬ

**ਚੰਡੀਗੜ੍ਹ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜੁਲਾਈ ਦਾ ਮਹੀਨਾ ਵੀ ਮਾਨਸੂਨ ਦੇ ਲਿਹਾਜ਼ ਨਾਲ ਪੰਜਾਬ ਅਤੇ ਉੱਤਰੀ ਭਾਰਤ ਦੇ ਪ੍ਰਮੁੱਖ ਰਾਜਾਂ ਹਿਮਾਚਲ ਅਤੇ ਹਰਿਆਣਾ ਲਈ ਨਿਰਾਸ਼ਾ ਲੈ ਕੇ ਆਇਆ ਹੈ। ਅੱਧਾ ਮਹੀਨਾ ਬੀਤ ਜਾਣ ਤੋਂ ਬਾਅਦ ਵੀ ਜੂਨ ਮਹੀਨੇ ਵਿੱਚ ਕਮਜ਼ੋਰ ਮਾਨਸੂਨ ਦੀ ਘਾਟ ਅੱਧੀ ਵੀ ਨਹੀਂ ਭਰੀ ਗਈ। ਪੰਜਾਬ ਸਭ ਤੋਂ ਕਮਜ਼ੋਰ ਸਥਿਤੀ ਵਿੱਚ ਹੈ। ਹੁਣ ਤੱਕ ਇੱਥੇ ਸੀਜ਼ਨ ਦੀ ਬਾਰਿਸ਼ ਆਮ ਨਾਲੋਂ 41.6 ਫੀਸਦੀ ਘੱਟ ਹੋਈ ਹੈ। ਪੰਜਾਬ ਦੇ 15 ਜ਼ਿਲ੍ਹੇ ਇਸ ਵੇਲੇ ਜੁਲਾਈ ਦੇ ਮਹੀਨੇ 'ਚ ਗੰਭੀਰ ਸੋਕੇ ਦੀ ਮਾਰ ਝੱਲ ਰਹੇ ਹਨ। ਸਭ ਤੋਂ ਵੱਧ 74 ਫੀਸਦੀ ਮੀਂਹ ਫਤਿਹਗੜ੍ਹ ਸਾਹਿਬ ਵਿੱਚ ਪਿਆ ਹੈ। ਦੂਜੇ ਨੰਬਰ 'ਤੇ ਨਵਾਂਸ਼ਹਿਰ ਹੈ ਜਿੱਥੇ 66 ਫੀਸਦੀ ਦੀ ਕਮੀ ਆਈ ਹੈ। ਸਿਰਫ਼ ਤਰਨਤਾਰਨ ਅਤੇ ਮਾਨਸਾ ਵਿੱਚ ਹੀ ਆਮ ਨਾਲੋਂ ਥੋੜ੍ਹਾ ਵੱਧ ਮੀਂਹ ਪਿਆ ਹੈ। ਬਾਕੀ ਸਾਰੇ ਜ਼ਿਲ੍ਹੇ 30 ਤੋਂ 60 ਫੀਸਦੀ ਤੱਕ ਸੁੱਕੇ ਚੱਲ ਰਹੇ ਹਨ। ਹਰਿਆਣਾ 'ਚ ਹੁਣ ਤੱਕ 120 ਮਿਲੀਮੀਟਰ ਬਾਰਿਸ਼ ਹੋਣੀ ਚਾਹੀਦੀ ਸੀ, ਇਹ ਅੰਕੜਾ ਕਰੀਬ 34 ਫੀਸਦੀ ਘੱਟ ਹੈ ਜਦੋਂ ਕਿ ਹਿਮਾਚਲ 'ਚ ਹੁਣ ਤੱਕ ਸੀਜ਼ਨ ਦੇ ਮੁਕਾਬਲੇ 32 ਫੀਸਦੀ ਘੱਟ ਬਾਰਿਸ਼ ਹੋਈ ਹੈ। ਪਹਿਲੀ ਜੁਲਾਈ ਤੋਂ ਹੁਣ ਤੱਕ 146 ਮਿਲੀਮੀਟਰ ਬਾਰਿਸ਼ ਹੋਣੀ ਚਾਹੀਦੀ ਸੀ, ਪਰ ਸਿਰਫ਼ 99 ਮਿਲੀਮੀਟਰ ਹੀ ਦਰਜ ਕੀਤੀ ਗਈ ਹੈ। ਨਾਹਨ ਵਿੱਚ 63.9 ਮਿਲੀਮੀਟਰ, ਕੰਡਾਘਾਟ ਵਿੱਚ 48 ਧੌਲਾ ਖੂਹਾਂ ਵਿੱਚ 39.01 ਮਿਲੀਮੀਟਰ, ਪਾਕਸ਼ਾ ਵਿੱਚ 27.3 ਮਿਲੀਮੀਟਰ ਅਤੇ ਸ਼ਿਮਲਾ ਵਿੱਚ 26.4 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ ਹੈ। ਹਾਲਾਂਕਿ ਮੌਸਮ ਵਿਭਾਗ ਨੇ ਸ਼ਨੀਵਾਰ ਨੂੰ ਪੰਜਾਬ 'ਚ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਜਤਾਈ ਹੈ। ਐਤਵਾਰ, ਸੋਮਵਾਰ ਅਤੇ ਮੰਗਲਵਾਰ ਯਾਨੀ 21 ਅਤੇ 22 ਜੁਲਾਈ ਨੂੰ ਭਾਰੀ ਮੀਂਹ ਦਾ ਸੰਕੇਤ ਹੈ। ਹਰਿਆਣਾ ਵਿੱਚ ਇਹ ਬਦਲਾਅ ਸ਼ਨੀਵਾਰ ਤੋਂ ਹੀ ਸ਼ੁਰੂ ਹੋ ਜਾਵੇਗਾ। ਉੱਥੇ ਅਗਲੇ ਤਿੰਨ ਦਿਨਾਂ ਤੱਕ ਭਾਰੀ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਮੁਤਾਬਕ ਪਾਕਿਸਤਾਨ ਦੇ ਗਿਲਗਿਤ ਬਲਿਸਤਾਨ ਅਤੇ ਜੰਮੂ-ਕਸ਼ਮੀਰ 'ਚ ਮੌਸਮ ਬਦਲ ਰਿਹਾ ਹੈ। ਇਸ ਦਾ ਪ੍ਰਭਾਵ ਪੰਜਾਬ, ਹਿਮਾਚਲ, ਹਰਿਆਣਾ, ਰਾਜਸਥਾਨ ਦੇ ਕੁਝ ਇਲਾਕਿਆਂ ਵਿੱਚ ਪੰਜ ਦਿਨ ਤੱਕ ਰਹੇਗਾ। ਇਸ ਕਾਰਨ ਮੀਂਹ ਪੈਣ ਦੀ ਸੰਭਾਵਨਾ ਹੈ। ਜੰਮੂ-ਕਸ਼ਮੀਰ ਲਈ ਇਹ ਵੱਡੀ ਰਾਹਤ ਹੋਵੇਗੀ ਕਿ ਉੱਥੇ ਚੱਲ ਰਹੀ ਹੀਟਵੇਵ ਤੋਂ ਰਾਹਤ ਮਿਲ ਸਕਦੀ ਹੈ। ਮੀਂਹ ਦੇ ਪ੍ਰਭਾਵ ਕਾਰਨ ਪਾਰਾ ਵੀ ਥੋੜ੍ਹਾ ਘੱਟ ਜਾਵੇਗਾ। ਪੰਜਾਬ ਵਿੱਚ ਮੀਂਹ ਕਾਰਨ ਤਾਪਮਾਨ 4 ਡਿਗਰੀ ਸੈਲਸੀਅਸ ਹੇਠਾਂ ਆਉਣ ਦੀ ਸੰਭਾਵਨਾ ਹੈ।



## ਪਠਾਨਕੋਟ 'ਚ ਸਰਕਾਰੀ ਦਫਤਰਾਂ ਨੂੰ ਉਡਾਉਣ ਦੀ ਧਮਕੀ, ਪਾਕਿਸਤਾਨ ਜ਼ਿੰਦਾਬਾਦ ਦੇ ਨਾਅਰਿਆਂ ਵਾਲੇ ਸੁੱਟੇ ਪੋਸਟਰ

**ਪਠਾਨਕੋਟ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਠਾਨਕੋਟ ਦੇ ਢਾਕੀ ਰੋਡ 'ਤੇ ਕੁਝ ਅਣਪਛਾਤੇ ਲੋਕਾਂ ਵੱਲੋਂ ਪਾਕਿਸਤਾਨ ਜ਼ਿੰਦਾਬਾਦ ਦੇ ਨਾਅਰਿਆਂ ਵਾਲੇ ਪੋਸਟਰ ਸੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ। ਪੋਸਟਰ ਵਿੱਚ ਸਰਕਾਰੀ ਦਫ਼ਤਰ ਨੂੰ ਉਡਾਉਣ ਬਾਰੇ ਲਿਖਿਆ ਗਿਆ ਸੀ। ਇੱਕ ਘਰ ਦੇ ਬਾਹਰ ਖੜ੍ਹੀ ਕਾਰ ਦੇ ਸ਼ੀਸ਼ੇ ਵੀ ਤੋੜੇ ਗਏ ਹਨ। ਇਨ੍ਹਾਂ ਪੋਸਟਰਾਂ ਵਿੱਚ ਪਠਾਨਕੋਟ ਦੇ ਸਰਕਾਰੀ ਦਫ਼ਤਰ ਸਮੇਤ ਕਈ ਥਾਵਾਂ ਨੂੰ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਸਥਾਨਕ ਲੋਕਾਂ ਨੇ ਮਾਮਲੇ ਦੀ ਸੂਚਨਾ ਸਥਾਨਕ ਪੁਲਿਸ ਸਟੇਸ਼ਨ ਨੂੰ ਦਿੱਤੀ ਹੈ। ਪੁਲਿਸ ਨੇ ਤੁਰੰਤ ਪਿੰਡ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਫਿਲਹਾਲ ਪੁਲਿਸ ਇਸ ਮਾਮਲੇ 'ਚ ਕੁਝ ਨਹੀਂ ਕਹਿ ਰਹੀ ਹੈ।



## ਹੁਣ ਕੰਗਨਾ ਰਣੌਤ ਨੇ ਸੋਨੂੰ ਸੂਦ ਨਾਲ ਲਿਆ ਪੰਗਾ, ਇਸ ਗੱਲੋਂ ਹੋਏ ਗਰਮੋ-ਗਰਮੀ

**ਮੁੰਬਈ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਅਦਾਕਾਰਾ ਅਤੇ ਭਾਰਤੀ ਜਨਤਾ ਪਾਰਟੀ ਦੀ ਸੰਸਦ ਕੰਗਨਾ ਰਣੌਤ ਕਿਸੇ-ਨਾ-ਕਿਸੇ ਮੁੱਦੇ 'ਤੇ ਖੁੱਲ੍ਹ ਕੇ ਆਪਣੇ ਵਿਚਾਰ ਸਭ ਦੇ ਸਾਹਮਣੇ ਰੱਖਦੀ ਹੈ। ਇਸ ਵਿਚਾਲੇ ਕੰਗਨਾ ਨੇ ਕਾਂਵੜ ਯਾਤਰਾ ਰੂਟ 'ਤੇ ਖਾਣ-ਪੀਣ ਦੀਆਂ ਦੁਕਾਨਾਂ 'ਤੇ ਉਨ੍ਹਾਂ ਦੇ ਮਾਲਕਾਂ ਦੇ ਨਾ ਪ੍ਰਦਰਸ਼ਿਤ ਕਰਨ ਦੇ ਉੱਤਰ ਪ੍ਰਦੇਸ਼ ਸਰਕਾਰ ਦੇ ਨਿਰਦੇਸ਼ 'ਤੇ ਅਭਿਨੇਤਾ ਸੋਨੂੰ ਸੂਦ ਦੇ ਸਟੈਂਡ 'ਤੇ ਸਵਾਲ ਚੁੱਕੇ ਹਨ। ਸੋਨੂੰ ਸੂਦ ਦੁਆਰਾ ਪੋਸਟ ਕੀਤੇ ਜਾਣ ਤੋਂ ਬਾਅਦ ਕਿ ਦੁਕਾਨਾਂ ਦੀਆਂ ਨਾਮ-ਪਲੇਟਾਂ 'ਤੇ ਸਿਰਫ "ਇਨਸਾਨੀਅਤ" ਨੂੰ ਪ੍ਰਦਰਸ਼ਿਤ ਕੀਤਾ ਜਾਣਾ ਚਾਹੀਦਾ ਹੈ, ਭਾਜਪਾ ਸੰਸਦ ਕੰਗਨਾ ਰਣੌਤ ਨੇ ਸ਼ੁੱਕਰਵਾਰ ਨੂੰ ਅਭਿਨੇਤਾ ਦੇ ਰੁਖ 'ਤੇ ਸਵਾਲ ਚੁੱਕਿਆ। ਇਹ ਬਹਿਸ ਉੱਤਰ ਪ੍ਰਦੇਸ਼ ਸਰਕਾਰ ਦੇ ਹੁਕਮਾਂ ਤੋਂ ਪੈਦਾ ਹੋਈ ਹੈ, ਜਿਸ ਨੇ ਕਾਂਵੜ ਯਾਤਰਾ ਰੂਟ 'ਤੇ ਦੁਕਾਨਾਂ ਅਤੇ ਖਾਣ-ਪੀਣ ਵਾਲੀਆਂ ਦੁਕਾਨਾਂ 'ਤੇ ਮਾਲਕਾਂ ਦੇ ਨਾਮ ਪ੍ਰਦਰਸ਼ਿਤ ਕਰਨਾ ਲਾਜ਼ਮੀ ਕਰ ਦਿੱਤਾ ਹੈ।

**ਸੋਨੂੰ ਸੂਦ ਅਤੇ ਕੰਗਨਾ ਦੀ ਜ਼ੁਬਾਨੀ ਤਕਰਾਰ** : ਸੋਨੂੰ ਸੂਦ ਨੇ ਇਸ ਮਾਮਲੇ 'ਤੇ ਆਪਣੇ ਵਿਚਾਰ ਜ਼ਾਹਰ ਕਰਨ ਲਈ ਟਵਿੱਟਰ 'ਤੇ ਕਿਹਾ, "ਹਰ ਦੁਕਾਨ 'ਤੇ ਸਿਰਫ਼ ਇੱਕ ਨੇਮ ਪਲੇਟ ਹੋਣੀ ਚਾਹੀਦੀ ਹੈ- "ਇਨਸਾਨੀਅਤ।" ਇਸ ਬਿਆਨ ਨੂੰ ਬਹੁਤ ਸਾਰੇ ਸੋਸ਼ਲ ਮੀਡੀਆ ਉਪਭੋਗਤਾਵਾਂ ਨੇ ਸਰਕਾਰ ਦੇ ਨਿਰਦੇਸ਼ਾਂ ਦੀ ਆਲੋਚਨਾ ਦੇ ਰੂਪ 'ਚ ਟੈਗ ਕਰਦੇ ਹੋਏ ਪ੍ਰਤੀਕਿਰਿਆ ਦਿੱਤੀ ਹੈ। ਸੋਨੂੰ ਸੂਦ ਦੇ ਰੁਖ 'ਤੇ ਪ੍ਰਤੀਕਿਰਿਆ ਦਿੰਦਿਆਂ ਕੰਗਨਾ ਰਣੌਤ ਨੇ ਕਿਹਾ, "ਸਹਿਮਤ ਹਾਂ, ਹਲਾਲ ਨੂੰ "ਇਨਸਾਨੀਅਤ" ਨਾਲ ਬਦਲਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਪਟਕਥਾ ਲੇਖਕ ਜਾਵੇਦ ਅਖਤਰ ਨੇ ਵੀ ਇਸ ਘਟਨਾ ਨੂੰ ਲੈ ਕੇ ਚੱਲ ਰਹੇ ਵਿਵਾਦ 'ਤੇ ਪ੍ਰਤੀਕਿਰਿਆ ਦਿੱਤੀ ਅਤੇ ਪ੍ਰਸ਼ਾਸਨ ਦੀ ਸਖ਼ਤ ਆਲੋਚਨਾ ਕੀਤੀ। ਜਾਵੇਦ ਅਖਤਰ ਨੇ ਐਕਸ 'ਤੇ ਲਿਖਿਆ, "ਮੁਜ਼ੱਫਰਨਗਰ ਯੂਪੀ ਪੁਲਸ ਨੇ ਨਿਰਦੇਸ਼ ਦਿੱਤੇ ਹਨ ਕਿ ਆਉਣ ਵਾਲੇ ਸਮੇਂ 'ਚ ਕਿਸੇ ਵਿਸ਼ੇਸ਼ ਧਾਰਮਿਕ ਜਲੂਸ ਦੇ ਰੂਟ 'ਤੇ ਸਾਰੀਆਂ ਦੁਕਾਨਾਂ, ਰੈਸਟੋਰੈਂਟਾਂ ਅਤੇ ਇੱਥੋਂ ਤੱਕ ਕਿ ਵਾਹਨਾਂ 'ਤੇ ਵੀ ਮਾਲਕ ਦਾ ਨਾਮ ਪ੍ਰਮੁੱਖਤਾ ਅਤੇ ਸਪਸ਼ਟ ਤੌਰ 'ਤੇ ਪ੍ਰਦਰਸ਼ਿਤ ਕੀਤਾ ਜਾਣਾ ਚਾਹੀਦਾ ਹੈ। ਕਿਉਂ? ਨਾਜ਼ੀ ਜਰਮਨੀ 'ਚ ਉਹ ਸਿਰਫ਼ ਖ਼ਾਸ ਦੁਕਾਨਾਂ ਅਤੇ ਘਰਾਂ 'ਤੇ ਨਿਸ਼ਾਨ ਬਣਾਉਂਦੇ ਸਨ।" ਸ਼ੁੱਕਰਵਾਰ ਨੂੰ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਹੁਕਮ ਦਿੱਤਾ ਕਿ ਕਾਂਵੜ ਮਾਰਗਾਂ 'ਤੇ ਖਾਣ-ਪੀਣ ਦੀਆਂ ਦੁਕਾਨਾਂ ਦੇ ਸੰਚਾਲਕਾਂ/ਮਾਲਕਾਂ ਦੀ ਆਸਥਾ ਦੀ ਪਵਿੱਤਰਤਾ ਨੂੰ ਬਣਾਈ ਰੱਖਣ ਲਈ ਨਿਸ਼ਾਨਬੱਧ ਕੀਤੇ ਜਾਣ। ਇਸ ਤੋਂ ਇਲਾਵਾ, ਕਾਂਵੜ ਯਾਤਰਾ ਰੂਟ 'ਤੇ ਆਉਣ ਵਾਲੀਆਂ ਸਾਰੀਆਂ ਦੁਕਾਨਾਂ 'ਤੇ ਆਈ.ਡੀ. ਕਾਰਡ ਦੀ ਵਰਤੋਂ ਨੂੰ ਲਾਜ਼ਮੀ ਕਰਨ ਦੇ ਉੱਤਰ ਪ੍ਰਦੇਸ਼ ਸਰਕਾਰ ਦੇ ਕਦਮ ਦੇ ਨਤੀਜੇ ਵਜੋਂ ਹਲਾਲ-ਪ੍ਰਮਾਣਿਤ ਉਤਪਾਦ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ।



## ਦਰਬਾਰ ਸਾਹਿਬ ਦੇ ਗਲਿਆਰੇ ਨੇੜੇ ਵਾਪਰੀ ਬੇਅਦਬੀ ਦੀ ਘਟਨਾ, ਜਥੇਬੰਦੀਆਂ ਤੇ ਸੰਗਤ ਨੇ ਮੌਕੇ 'ਤੇ ਫੜਿਆ ਮੁਲਜ਼ਮ




**ਅੰਮ੍ਰਿਤਸਰ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਸਥਿਤੀ ਸ੍ਰੀ ਦਰਬਾਰ ਸਾਹਿਬ ਨੇੜੇ ਇੱਕ ਬੇਅਦਬੀ ਦੀ ਘਟਨਾ ਵਾਪਰੀ ਹੈ। ਦਰਅਸਲ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਗਲਿਆਰੇ ਦੇ ਪਿੱਛੇ ਆਟਾ ਮੰਡੀ ਵਾਲੇ ਪਾਸੇ ਇੱਕ ਦੁਕਾਨ ਦੇ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪੋਥੀਆਂ ਮਾੜੀ ਹਾਲਤ ਵਿੱਚ ਪਾਈਆਂ ਗਈਆਂ। ਜਿਸ ਤੋਂ ਸਾਫ਼ ਹੈ ਕਿ ਇਹ ਦੁਕਾਨਦਾਰ ਪੋਥੀਆਂ ਦੀ ਬੇਅਦਬੀ ਕਰ ਰਿਹਾ ਸੀ। ਜਦੋਂ ਇਸ ਬਾਰੇ ਕੁੱਝ ਸੰਗਤਾਂ ਅਤੇ ਜਥੇਬੰਦੀਆਂ ਨੂੰ ਪਤਾ ਲੱਗਿਆ ਤਾਂ ਇਹ ਸਾਰੇ ਇਸ ਦੁਕਾਨ 'ਤੇ ਪਹੁੰਚੇ ਅਤੇ ਆਪਣੇ ਨਾਲ ਪੁਲਿਸ ਵੀ ਲੈ ਗਏ। ਜਦੋਂ ਦੁਕਾਨ ਅੰਦਰ ਪੂਰੀ ਜਾਂਚ ਪੜਤਾਲ ਕੀਤੀ ਗਈ ਤਾਂ ਪਾਇਆ ਗਿਆ ਕਿ ਦੁਕਾਨਦਾਰ ਨੇ ਕਾਫੀ ਲੰਮੇ ਸਮੇਂ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪੋਥੀਆਂ ਇੱਕ ਬੋਰੀ ਵਿੱਚ ਬੰਨ੍ਹ ਕੇ ਰੱਖੀਆਂ ਹੋਈਆਂ ਸਨ ਅਤੇ ਉਸ ਦੀ ਕੋਈ ਸਾਂਭ ਸੰਭਾਲ ਨਹੀਂ ਕਰ ਰਿਹਾ ਸੀ। ਦੁਕਾਨ ਤੋਂ ਬ੍ਰਿਧ ਅਵਸਥਾ 'ਚ ਤੇ ਘੱਟੇ-ਮਿੱਟੀ ਨਾਲ ਭਰੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੱਥ ਲਿਖਤ ਪੋਥੀਆਂ ਤੇ ਹੋਰ ਵੀ ਕਈ ਪੋਥੀਆਂ ਬਰਾਮਦ ਹੋਈਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਸੇਵਾਦਾਰ ਤਰਲੋਚਨ ਸਿੰਘ ਸੋਹਲ ਅਤੇ ਹੋਰ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਫ਼ਤਰ ਦੇ ਬਿਲਕੁਲ ਨੇੜੇ ਇਹ ਬੇਅਦਬੀ ਦੀ ਘਟਨਾ ਸਾਹਮਣੇ ਆਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਵੀ ਇਸ 'ਤੇ ਗੌਰ ਕਰਨ ਦੀ ਜ਼ਰੂਰਤ ਹੈ। ਇਸ ਸਬੰਧੀ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਇੱਕ ਦੁਕਾਨ ਦੇ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪੋਥੀਆਂ ਦੀ ਬੇਅਦਬੀ ਹੋ ਰਹੀ ਹੈ, ਜਿਸ ਤੋਂ ਬਾਅਦ ਅਸੀਂ ਮੌਕੇ 'ਤੇ ਪਹੁੰਚੇ ਤੇ ਦੁਕਾਨ ਦੇ ਮਾਲਕ ਨੂੰ ਬੁਲਾਇਆ। ਦੁਕਾਨ ਅੰਦਰ ਵੱਡੀ ਗਿਣਤੀ ਵਿੱਚ ਬ੍ਰਿਧ ਅਵਸਥਾ ਅਤੇ ਘੱਟੇ ਨਾਲ ਭਰੀਆਂ ਹੋਈਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪੋਥੀਆਂ ਮਿਲੀਆਂ ਹਨ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਪੋਥੀਆਂ ਦੀ ਗਿਣਤੀ ਕੀਤੀ ਜਾ ਰਹੀ ਹੈ।

## ਪਰਲਜ਼ ਗਰੁੱਪ ਘਪਲੇ 'ਚ ਪੰਜਾਬ ਵਿਜੀਲੈਂਸ ਦੀ ਵੱਡੀ ਕਾਰਵਾਈ ! ਪ੍ਰਸ਼ਾਂਤ ਮੰਜਰੇਕਰ ਮੁੰਬਈ ਏਅਰਪੋਰਟ ਤੋਂ ਗ੍ਰਿਫ਼ਤਾਰ

**ਮੋਹਾਲੀ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਨੇ ਇਮੀਗ੍ਰੇਸ਼ਨ ਟੀਮ ਦੇ ਸਹਿਯੋਗ ਨਾਲ ਪਰਲਜ਼ ਐਗਰੋਟੈਕ ਕਾਰਪੋਰੇਸ਼ਨ ਲਿਮਟਿਡ (ਪੀ.ਏ.ਸੀ.ਐੱਲ.) ਮੁਕੱਦਮੇ 'ਚ ਸਨਰੰਜੀਵਨ ਇਨਫਰਾਸਟਰਕਚਰ ਐਂਡ ਪ੍ਰਾਜੈਕਟ ਪ੍ਰਾਈਵੇਟ ਲਿਮਟਿਡ ਦੇ ਲੋੜੀਂਦੇ ਭਗੌੜੇ ਮੁਲਜ਼ਮ ਡਾਇਰੈਕਟਰ ਪ੍ਰਸ਼ਾਂਤ ਮੰਜਰੇਕਰ ਨੂੰ ਮੁੰਬਈ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕਰਨ 'ਚ ਕਾਮਯਾਬੀ ਹਾਸਲ ਕੀਤੀ ਹੈ। ਉਹ ਆਪਣੀ ਗ੍ਰਿਫ਼ਤਾਰੀ ਤੋਂ ਬਚਣ ਲਈ ਮੁੰਬਈ ਹਵਾਈ ਅੱਡੇ ਤੋਂ ਦੁਬਈ ਫ਼ਰਾਰ ਹੋਣ ਦੀ ਕੋਸ਼ਿਸ਼ ਕਰ ਰਿਹਾ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਪਿੰਡ ਘੋਲੂਮਾਜਰਾ, ਤਹਿਸੀਲ ਡੇਰਾਬਸੀ, ਜ਼ਿਲਾ ਐੱਸ.ਏ.ਐੱਸ.ਨਗਰ 'ਚ ਪੀ.ਏ.ਸੀ.ਐੱਲ. ਲਿਮਟਿਡ ਦੀਆਂ ਜਾਇਦਾਦਾਂ ਦੀ ਗੈਰ-ਕਾਨੂੰਨੀ ਵਿਕਰੀ 'ਚ ਸ਼ਮੂਲੀਅਤ ਸਬੰਧੀ ਥਾਣਾ ਸਦਰ ਸਿਟੀ ਜ਼ੀਰਾ, ਜ਼ਿਲਾ ਫ਼ਿਰੋਜ਼ਪੁਰ 'ਚ ਦਰਜ ਆਈ.ਪੀ.ਸੀ. ਦੀ ਧਾਰਾ 406, 420, 467, 468, 471 ਤੇ 120-ਬੀ ਤਹਿਤ ਦਰਜ ਮੁਕੱਦਮੇ 'ਚ ਲੋੜੀਂਦਾ ਸੀ। ਮੁਲਜ਼ਮ ਇਸ ਗੱਲ ਤੋਂ ਜਾਣੂ ਸੀ ਕਿ ਸੁਪਰੀਮ ਕੋਰਟ ਨੇ ਪਹਿਲਾਂ ਹੀ ਪੀ.ਏ.ਸੀ.ਐੱਲ. ਲਿਮਟਿਡ ਨੂੰ ਪਿੰਡ ਘੋਲੂਮਾਜਰਾ ਅਤੇ ਹੋਰ ਥਾਵਾਂ 'ਤੇ ਪੀ.ਏ.ਸੀ.ਐੱਲ. ਕੰਪਨੀ ਦੀਆਂ ਕਿਸੇ ਵੀ ਤਰ੍ਹਾਂ ਦੀਆਂ ਜਾਇਦਾਦਾਂ ਨੂੰ ਵੇਚਣ ਆਦਿ 'ਤੇ ਰੋਕ ਲਾਈ ਹੋਈ ਹੈ। ਉਨ੍ਹਾਂ ਦੱਸਿਆ ਕਿ ਫੀਨੋਮੀਨਲ ਕੰਸਟਰਕਸ਼ਨ ਪ੍ਰਾਈਵੇਟ ਲਿਮਟਿਡ ਤੇ ਸਨਰੰਜੀਵਨ ਇਨਫਰਾਸਟਰਕਚਰ ਐਂਡ ਪ੍ਰਾਜੈਕਟ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰਾਂ/ਪ੍ਰਮੋਟਰਾਂ ਨੇ ਹੋਰਨਾਂ ਦੀ ਮਿਲੀਭੁਗਤ ਨਾਲ 2018-19 'ਚ ਪਿੰਡ ਘੋਲੂਮਾਜਰਾ ਵਿਖੇ ਪੀ.ਏ.ਸੀ.ਐੱਲ. ਦੀ ਅਦਾਲਤ ਵੱਲੋਂ ਵਿਵਾਦਿਤ ਕਰਾਰ ਦਿੱਤੀ 115 ਬਿੱਘੇ ਜ਼ਮੀਨ 'ਤੇ ਬੇਲਾ ਵਿਸਟਾ-01 ਤੇ ਬੇਲਾ ਵਿਸਟਾ-02 ਨਾਮਕ ਦੋ ਕਲੋਨੀਆਂ ਤਿਆਰ ਕੀਤੀਆਂ ਸਨ। ਮੁਲਜ਼ਮ ਡਿਵੈਲਪਰਾਂ ਨੇ ਦੋਵਾਂ ਕਲੋਨੀਆਂ 'ਚ ਲੋਕਾਂ ਨੂੰ ਪਲਾਟ/ਮਕਾਨ ਵੇਚ ਕੇ ਮੋਟਾ ਪੈਸਾ ਕਮਾਇਆ, ਜਿਸ ਕਰਕੇ ਵਿਜੀਲੈਂਸ ਬਿਊਰੋ ਵੱਲੋਂ ਉਕਤ ਮੁਕੱਦਮੇ 'ਚ ਇਨ੍ਹਾਂ ਕੰਪਨੀਆਂ ਦੇ ਪ੍ਰਮੋਟਰਾਂ ਨੂੰ ਨਾਮਜ਼ਦ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪੀ.ਏ.ਸੀ.ਐੱਲ. ਲਿਮਟਿਡ ਦੀਆਂ ਜਾਇਦਾਦਾਂ ਨੂੰ ਵੇਚਣ ਤੇ ਇਸ ਵਿਕਰੀ ਨਾਲ ਇਕੱਤਰ ਕੀਤੀ ਰਾਸ਼ੀ ਇਸ ਕੰਪਨੀ ਵੱਲੋਂ ਪੇਸ਼ ਕੀਤੀ ਸਮੂਹਿਕ ਨਿਵੇਸ਼ ਯੋਜਨਾ 'ਚ ਆਪਣੀ ਮਿਹਨਤ ਦੀ ਕਮਾਈ ਲਾਉਣ ਵਾਲੇ ਨਿਵੇਸ਼ਕਾਂ ਨੂੰ ਵਾਪਸ ਕਰਨ ਸਬੰਧੀ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਜਸਟਿਸ (ਸੇਵਾਮੁਕਤ) ਆਰ.ਐਮ. ਲੋਢਾ ਦੀ ਪ੍ਰਧਾਨਗੀ ਹੇਠ ਕਮੇਟੀ ਦਾ ਗਠਨ ਕੀਤਾ ਗਿਆ ਸੀ। ਉਕਤ ਮੁਲਜ਼ਮ ਦਾ ਟਰਾਂਜ਼ਿਟ ਰਿਮਾਂਡ ਲੈ ਲਿਆ ਗਿਆ ਹੈ ਤੇ ਉਸ ਨੂੰ ਪੰਜਾਬ ਦੀ ਸਬੰਧਤ ਅਦਾਲਤ 'ਚ ਪੇਸ਼ ਕੀਤਾ ਜਾਵੇਗਾ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।




Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches
ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

### ਸਿੱਖ ਰਾਜ ਦੀ ਸਥਾਪਨਾ ਲਈ ਗੁਰੂ ਵਾਲੇ ਬਣਨਾ ਪਹਿਲੀ ਸ਼ਰਤ : ਸਿੰਘ ਸਾਹਿਬ

# ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਭਰਾਤਾ ਸਰਪੰਚ ਹਰਜੀਤ ਸਿੰਘ ਰੋਡੇ ਨਮਿੱਤ ਸ਼ਰਧਾਂਜਲੀ ਸਮਾਗਮ 'ਚ ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀਆਂ ਹਾਜ਼ਰੀਆਂ















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)





**ਵਿਸ਼ੇਸ਼ ਰਿਪੋਰਟ • ਆਵਾਜ਼ਿ ਕੌਮ ਬਿਊਰੋ**

ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਹੈ ਕਿ ਦੇਸ਼-ਵਿਦੇਸ਼ ਦੇ ਸਮੂਹ ਸਿਆਸੀ, ਧਾਰਮਿਕ ਅਤੇ ਸਮਾਜਿਕ ਨੇਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਖੁਸ਼ੀਆਂ ਹਾਸਲ ਕਰਨ ਲਈ ਸਿੱਖ ਰਾਜ ਦੀ ਸਥਾਪਨਾ ਵਾਸਤੇ ਨਿੱਤ ਰੋਜ਼ ਯਤਨ ਅਤੇ ਅਰਦਾਸਾਂ ਕਰਦੇ ਹਨ। ਸਿੰਘ ਸਾਹਿਬ ਨੇ ਕਿਹਾ ਕਿ ਸਿੱਖ ਰਾਜ ਦੀ ਸਥਾਪਨਾ ਲਈ ਗੁਰੂ ਵਾਲੇ ਬਣਨਾ ਪਹਿਲੀ ਸ਼ਰਤ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤ ਛਕ ਕੇ ਬਾਣੀ ਅਤੇ ਬਾਣੇ ਵਿੱਚ ਪ੍ਰਪੱਕਤਾ ਨਾਲ ਵਿਚਰਨ ਵਾਲੇ ਸਿੱਖ ਸਿਆਸੀ ਨੇਤਾ ਹੀ ਸਿੱਖ ਰਾਜ ਦੇ ਸੰਕਲਪ ਨੂੰ ਪੂਰਾ ਕਰ ਸਕਦੇ ਹਨ। ਸਿੰਘ ਸਾਹਿਬ ਨੇ ਇਹ ਵਿਚਾਰ 20ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ, ਕੈਪਟਨ ਹਰਚਰਨ ਸਿੰਘ ਰੋਡੇ ਦੇ ਵੱਡੇ ਭਰਾਤਾ, ਬਾਬਾ ਜੋਗਿੰਦਰ ਸਿੰਘ ਜੀ ਦੇ ਸਪੁੱਤਰ ਸਰਪੰਚ ਹਰਜੀਤ ਸਿੰਘ ਰੋਡੇ ਨਮਿੱਤ ਹੋਏ ਸ਼ਰਧਾਂਜਲੀ ਸਮਾਗਮ ਦੌਰਾਨ ਪ੍ਰਗਟ ਕੀਤੇ। ਸਿੰਘ ਸਾਹਿਬ ਨੇ ਇਸ ਦੌਰਾਨ ਲੋਕ ਸਭਾ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਅਤੇ ਭਾਈ ਸਰਬਜੀਤ ਸਿੰਘ ਮਲੋਆ ਦੀ ਜਿੱਤ ਦਾ ਜਿਕਰ ਕਰਦਿਆਂ ਕਿਹਾ ਕਿ ਇਹ ਜਿੱਤ ਸਾਡੇ ਜਾਂ ਕਿਸੇ ਹੋਰ ਵੱਲੋਂ ਚੋਣਾਂ ਵਿੱਚ ਕੀਤੇ ਜ਼ੋਰਦਾਰ ਪ੍ਰਚਾਰ ਸਦਕਾ ਨਹੀਂ, ਸਗੋਂ ਸਿੱਖ ਸੰਘਰਸ਼ ਵਿੱਚ ਕੁਰਬਾਨੀਆਂ ਕਰਨ ਵਾਲੇ ਸਮੂਹ ਸਿੰਘਾਂ, ਸ਼ਹੀਦਾਂ ਦੇ ਸਦਕਾ ਹਾਸਲ ਹੋਈ ਹੈ। ਉਨ੍ਹਾਂ ਕਿਹਾ ਕਿ ਜੇ ਅਸੀਂ ਇਸ ਜਿੱਤ ਦੇ ਹੰਕਾਰ ਵਿੱਚ ਹੋਰ ਵੱਡੀਆਂ ਪ੍ਰਾਪਤੀਆਂ ਕਰਨ ਦੇ ਦਾਅਵੇ ਕਾਹਲੀ ਨਾਲ ਕਰਨ ਲੱਗ ਪਏ ਤਾਂ ਸਿੱਖ ਰਾਜ ਦੀ ਮੰਜ਼ਿਲ ਹੋਰ ਦੂਰ ਹੋ ਜਾਵੇਗੀ। ਸਿੰਘ ਸਾਹਿਬ ਨੇ ਕਿਹਾ ਕਿ ਸਿੱਖ ਸਿਧਾਂਤਾਂ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਨੂੰ ਸਮਰਪਿਤ ਸਾਰੀਆਂ ਸਿੱਖ ਅਕਾਲੀ ਜਥੇਬੰਦੀਆਂ ਨੂੰ ਆਪਸੀ ਏਕਤਾ ਨਾਲ ਭਵਿੱਖ ਦੀਆਂ ਰਣਨੀਤੀਆਂ ਬਣਾਉਣ ਦੀ ਲੋੜ ਹੈ। ਸਿੰਘ ਸਾਹਿਬ ਨੇ ਇਹ ਵੀ ਕਿਹਾ ਕਿ ਸਾਨੂੰ ਪੰਜਾਬ ਅਤੇ ਸਿੱਖਾਂ ਦੇ ਲਟਕਦੇ ਮਸਲਿਆਂ ਦੇ ਹੱਲ ਲਈ ਕੇਂਦਰ ਜਾਂ ਪੰਜਾਬ ਸਰਕਾਰ ਦੇ ਮੂੰਹ ਵੱਲ ਦੇਖਣ ਦੀ ਥਾਂ ਆਪਣੀ ਸ਼ਕਤੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਸਾਡੀ ਸਿੱਖ ਸ਼ਕਤੀ ਮਜ਼ਬੂਤ ਹੋ ਗਈ ਤਾਂ ਸਾਡੇ ਸਾਰੇ ਮਸਲੇ ਆਪਣੇ-ਆਪ ਹੱਲ ਹੋਣੇ ਸ਼ੁਰੂ ਹੋ ਜਾਣਗੇ। ਸ਼ਰਧਾਂਜਲੀ ਸਮਾਗਮ ਦੀ ਸ਼ੁਰੂਆਤ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਭਾਈ ਸਾਹਿਬ ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਰਾਗੀ ਜੱਥਾ ਭਾਈ ਹਰਵਿੰਦਰ ਸਿੰਘ ਜੀ ਗੁਰਦੁਆਰਾ ਸੰਤ ਖਾਲਸਾ ਨੇ ਵੈਰਾਗਮਈ ਕੀਰਤਨ ਕੀਤਾ। ਉਪਰੰਤ ਹੋਏ ਸ਼ਰਧਾਲੀ ਸਮਾਗਮ ਮੌਕੇ ਭਾਈ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਬਲਜੀਤ ਸਿੰਘ ਦਾਦੂਵਾਲ ਮੁਖੀ ਧਰਮ ਪ੍ਰਚਾਰ ਕਮੇਟੀ ਹਰਿਆਣਾ, ਸਿਮਰਨਜੀਤ ਸਿੰਘ ਮਾਨ ਪ੍ਰਧਾਨ ਅਕਾਲੀ ਦਲ ਅੰਮ੍ਰਿਤਸਰ, ਭਾਈ ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਫਰੀਦਕੋਟ, ਐਡਵੋਕੇਟ ਰਾਜਦੇਵ ਸਿੰਘ ਖ਼ਾਲਸਾ ਸਾਬਕਾ ਐਮ ਪੀ, ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਭਾਈ ਗੁਰਦੀਪ ਸਿੰਘ ਬਠਿੰਡਾ, ਜਥੇਦਾਰ ਬੂਟਾ ਸਿੰਘ ਰਣਸੀਂਹ, ਭਾਈ ਮਨਜੀਤ ਸਿੰਘ ਭੋਮਾ ਦਿੱਲੀ ਕਮੇਟੀ, ਸੰਤ ਅਮੀਰ ਸਿੰਘ ਜਵੱਦੀ ਟਕਸਾਲ, ਬਾਬਾ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਮਹਿਤਾ, ਬਾਬਾ ਸੁਰਜੀਤ ਸਿੰਘ ਸੋਧੀ ਲਧਾਈਕੇ ਆਦਿ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਸਰਪੰਚ ਹਰਜੀਤ ਸਿੰਘ ਰੋਡੇ ਦੇ ਉੱਚੇ ਸੁੱਚੇ ਜੀਵਨ ਅਤੇ ਸਮੁੱਚੇ ਬਾਬਾ ਪਰਿਵਾਰ ਦੀਆਂ ਸਿੱਖ ਕੌਮ ਅਤੇ ਪੰਥ ਲਈ ਕੀਤੀਆਂ ਮਹਾਨ ਸੇਵਾਵਾਂ ਲਈ ਯਾਦ ਕੀਤਾ। ਇਸ ਮੌਕੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਸਰਪੰਚ ਹਰਜੀਤ ਸਿੰਘ ਦੇ ਸਮੁੱਚੇ ਜੀਵਨ 'ਤੇ ਚਾਨਣਾ ਪਾਇਆ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਭਾਈ ਹਰਜੀਤ ਸਿੰਘ ਸਰਪੰਚ ਜੀ ਦੀ ਅੰਤਿਮ ਅਰਦਾਸ ਵਿੱਚ ਪਹੁੰਚ ਕੇ ਬਾਬਾ ਪਰਿਵਾਰ ਨਾਲ ਦੁੱਖ ਵੰਡਾਉਣ ਲਈ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਈਸ਼ਰ ਸਿੰਘ ਸਪੁੱਤਰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸੰਤ ਬਾਬਾ ਹਰੀ ਸਿੰਘ ਨਾਨਕਸਰ ਹਰੀਕੇ ਪੱਤਣ, ਸੰਤ ਹਰਕ੍ਰਿਸ਼ਨ ਜੀ ਠੱਕਰਵਾਲ, ਸੰਤ ਬਲਦੇਵ ਸਿੰਘ ਜੋਗੇ ਵਾਲੇ, ਬਾਬਾ ਜੱਜ ਸਿੰਘ ਜਲਾਲਾਬਾਦ, ਬੀਬੀ ਕੁਲਵੰਤ ਕੌਰ, ਗਿਆਨੀ ਹਰਪ੍ਰੀਤ ਸਿੰਘ ਜੋਗੇ ਵਾਲੇ, ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਬਲਦੇਵ ਸਿੰਘ ਚੂੰਘਾ ਮੈਂਬਰ ਸ਼੍ਰੋਮਣੀ ਕਮੇਟੀ, ਨੰਬਰਦਾਰ ਜਗਜੀਤ ਸਿੰਘ ਖਾਈ, ਸੰਤ ਅਵਤਾਰ ਸਿੰਘ ਜੀ ਧੂਲਕੋਟ, ਸੰਤ ਹਰਿੰਦਰ ਸਿੰਘ ਜੀ ਰੌਲੀ ਵਾਲੇ, ਭਾਈ ਤਰਸੇਮ ਸਿੰਘ ਜੀ ਪਿਤਾ ਭਾਈ ਅੰਮ੍ਰਿਤਪਾਲ ਸਿੰਘ, ਭਾਈ ਪਰਮਜੀਤ ਸਿੰਘ ਸਹੋਲੀ ਅਕਾਲੀ ਦਲ ਸੁਤੰਤਰ, ਭਾਈ ਸੁਖਵਿੰਦਰ ਸਿੰਘ ਅਗਵਾਨ, ਭਾਈ ਕੰਵਰਪਾਲ ਸਿੰਘ ਬਿੱਟੂ ਦਲ ਖਾਲਸਾ, ਨਛੱਤਰ ਸਿੰਘ ਦਬੜੀਖਾਨਾ, ਬਾਬਾ ਹਰਜਿੰਦਰ ਸਿੰਘ ਖਾਲਸਾ, ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ, ਬਾਬਾ ਬਲਵੀਰ ਸਿੰਘ ਜੀ ਜਰਮਨ ਵਾਲੇ, ਬਾਬਾ ਸੁਖਿੰਦਰ ਸਿੰਘ ਜੀ, ਬਾਬਾ ਸਰਵਣ ਸਿੰਘ ਜੀ ਮਲਕਪੁਰ ਵਾਲੇ, ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ,ਬਾਬਾ ਸੁੱਚਾ ਸਿੰਘ ਨਾਨਕਸਰ, ਭਾਈ ਕੰਵਰਪਾਲ ਸਿੰਘ ਔਜਲਾ, ਸੰਤ ਬਾਬਾ ਮਨਮੋਹਨ ਸਿੰਘ ਜੀ ਬਾਰਨ ਵਾਲੇ, ਸਰਪੰਚ ਸਿਕੰਦਰ ਸਿੰਘ, ਰਣਧੀਰ ਸਿੰਘ ਸੰਗਰੂਰ,ਭਾਈ ਹਰਕ੍ਰਿਸ਼ਨ ਸਿੰਘ ਜਗਰਾਵਾਂ, ਮਹੰਤ ਬਲਜਿੰਦਰ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




# ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਭਰਾਤਾ ਸਰਪੰਚ ਹਰਜੀਤ ਸਿੰਘ ਰੋਡੇ ਨਮਿੱਤ ਸ਼ਰਧਾਂਜਲੀ ਸਮਾਗਮ 'ਚ ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀਆਂ ਹਾਜ਼ਰੀਆਂ











ਕੌਂਕੇ, ਮਹੰਤ ਬਿਕਰਮਜੀਤ ਸਿੰਘ ਚੀਮਾ, ਬਾਬਾ ਗੁਰਦਿਆਲ ਸਿੰਘ ਲੰਗਿਆਣਾ, ਬਾਬਾ ਚਮਕੌਰ ਸਿੰਘ ਗੱਜਣ ਵਾਲੇ, ਗਿਆਨੀ ਬਲਵਿੰਦਰ ਸਿੰਘ ਜਾਮਨੀਸਰ ਸਾਹਿਬ, ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਬਾਬਾ ਬਲਦੇਵ ਸਿੰਘ ਧਰਮਪੁਰੇ ਵਾਲੇ, ਗਿਆਨੀ ਗੁਰਪ੍ਰੀਤ ਸਿੰਘ ਭਦੌੜ ਵਾਲੇ, ਬਾਬਾ ਬਲਕਾਰ ਸਿੰਘ ਜੀ ਘੋਲੀਆ, ਭਾਈ ਮੁਖਤਿਆਰ ਸਿੰਘ, ਜਥੇਦਾਰ ਦਲੀਪ ਸਿੰਘ ਚਕਰ, ਸੰਤ ਸਤਨਾਮ ਸਿੰਘ ਵੱਲੀਆਂ, ਕਿਰਪਾ ਸਿੰਘ ਨੱਥੂਵਾਲਾ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਪਰਵਿੰਦਰ ਸਿੰਘ ਕੁਲਾਰ, ਸੰਤ ਬਾਬਾ ਗੁਰਪ੍ਰੀਤ ਸਿੰਘ ਭਦੌੜ, ਬਾਬਾ ਚਮਕੌਰ ਸਿੰਘ ਭਦੌੜ, ਭਾਈ ਜਸਵੀਰ ਸਿੰਘ ਭੱਠਲ ਪ੍ਰਧਾਨ ਕਿਸਾਨ ਯੂਨੀਅਨ, ਬਲਵਿੰਦਰ ਸਿੰਘ ਜੀ ਲੋਕ ਲਹਿਰ, ਗਿਆਨੀ ਜਸਪਾਲ ਸਿੰਘ ਕਥਾਵਾਚਕ ,ਬਾਬਾ ਚਮਕੌਰ ਸਿੰਘ ਪੰਜਗਰਾਈਂ ਵਾਲੇ, ਮਹੰਤ ਰੇਸ਼ਮ ਸਿੰਘ ਜੀ, ਪ੍ਰੋਫੈਸਰ ਜਸਪਾਲ ਸਿੰਘ ਕੋਟਕਪੂਰਾ, ਗਿਆਨੀ ਸੁਖਜਿੰਦਰ ਸਿੰਘ ਫਰੀਦਕੋਟ, ਬਾਬਾ ਹਰਚੰਦ ਸਿੰਘ ਰਾਮਦਾਸਪੁਰ, ਬਾਬਾ ਜਤਿੰਦਰ ਸਿੰਘ, ਸੰਤ ਬਾਬਾ

ਆਵਾਜ਼ਿ ਕੌਮ
AWAZE QAUM
International Newspaper & WEB TV

ਸੱਜਣ ਸਿੰਘ ਵਾੜਾ ਸ਼ੇਰ ਸਿੰਘ, ਬਾਬਾ ਵਜ਼ੀਰ ਸਿੰਘ, ਜਥੇਦਾਰ ਗੁਰਮੇਲ ਸਿੰਘ ਭੈਣੀ, ਪ੍ਰਕਾਸ਼ ਸਿੰਘ ਸਰਪੰਚ ਵੈਰੋਕੇ, ਬੇਅੰਤ ਸਿੰਘ ਸੇਖਾ ਕਲਾਂ, ਬੀਬੀ ਚਰਨਜੀਤ ਕੌਰ ਬਾਬਾ ਰਾਮ ਸਿੰਘ ਕਾਲ ਝਲਾਣੀ, ਗੁਰਨਾਮ ਸਿੰਘ ਕਿਸਾਨ ਆਗੂ, ਬਿਅੰਤ ਸਿੰਘ ਰਜੀਵਾਲਾ, ਬਾਬਾ ਦਵਿੰਦਰ ਸਿੰਘ ਸੇਖੋਂ, ਭਾਈ ਅਵਤਾਰ ਸਿੰਘ ਵਣਾਂਵਾਲੀ ਮੈਂਬਰ ਧਰਮ ਪ੍ਰਚਾਰ ਕਮੇਟੀ, ਬਾਬਾ ਬਲਵੀਰ ਸਿੰਘ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਬਾਬਾ ਮਹਿੰਦਰ ਸਿੰਘ ਜਨੇਰਾਂ ਵਾਲੇ, ਸੰਤ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਬਾਬਾ ਖੁਸ਼ਵੰਤ ਸਿੰਘ, ਬਾਬਾ ਹਰਭਜਨ ਸਿੰਘ ਅਲਾਚੌਰ, ਜਥੇਦਾਰ ਦਰਸ਼ਨ ਸਿੰਘ ਮੰਡ, ਬਾਬਾ ਸਰਬਜੋਤ ਸਿੰਘ ਜੀ ਬੇਦੀ, ਗਿਆਨੀ ਰਣਜੀਤ ਸਿੰਘ ਹੈਡ ਗ੍ਰੰਥੀ ਬੰਗਲਾ ਸਾਹਿਬ, ਜਥੇਦਾਰ ਸੁਖਪ੍ਰੀਤ ਸਿੰਘ, ਬਾਬਾ ਭੋਲਾ ਸਿੰਘ, ਬਾਬਾ ਦਰਸ਼ਨ ਸਿੰਘ, ਗਿਆਨੀ ਸਤਨਾਮ ਸਿੰਘ ਜਨੇਰ, ਬਾਬਾ ਹਾਕਮ ਸਿੰਘ ਗਹਿਰ, ਗਿਆਨੀ ਕਰਮਜੀਤ ਸਿੰਘ ਦੁਨੀਕੇ, ਬਾਬਾ ਗੁਰਮੀਤ ਸਿੰਘ ਕੱਟੂ ਵਾਲੇ, ਬਾਬਾ ਗੁਰਦੇਵ ਸਿੰਘ ਰੋਡੇ ਠਾਠ, ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਭਾਈ ਗੁਰਿੰਦਰ ਸਿੰਘ ਗੁਰਦੁਆਰਾ ਸੰਤ ਖਾਲਸਾ, ਭਾਈ ਮੱਖਣ ਸਿੰਘ ਜੀ ਰਾਗੀ, ਭਾਈ ਨਿਰਭੈ ਸਿੰਘ ਰਾਗੀ, ਗਿਆਨੀ ਕੇਵਲ ਸਿੰਘ ਮਹਿਤਾ ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ, ਬਾਬਾ ਸੁਰਜੀਤ ਸਿੰਘ, ਬਾਬਾ ਬਲਵਿੰਦਰ ਸਿੰਘ ਮਾੜੀ ਕੰਬੋਕੀ, ਬਾਬਾ ਅਜੀਤ ਸਿੰਘ ਸ਼ੇਖਪੁਰਾ ਬਾਬਾ ਪਰਮਜੀਤ ਸਿੰਘ ਭਰੋਵਾਲ, ਭਾਈ ਜਗਤਾਰ ਸਿੰਘ



ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਜਗਸੀਰ ਸਿੰਘ ਸੀਰਾ ਰੋਡੇ ਅਕਾਲੀ ਦਲ ਇੰਟਰਨੈਸ਼ਨਲ, ਗੁਰਪ੍ਰੀਤ ਸਿੰਘ ਖੁਖਰਾਣਾ, ਬਾਬਾ ਭਜਨ ਸਿੰਘ ਔਲਖ ,ਬਾਬਾ ਲੱਖਾ ਸਿੰਘ ਔਲਖ, ਬਾਬਾ ਜਸਵਿੰਦਰ ਸਿੰਘ ਰਾਜਿਆਂਣਾ, ਭਾਈ ਗੁਰਮੇਲ ਹਕੂਮਤ ਵਾਲੇ, ਭਾਈ ਅਮਰਜੀਤ ਸਿੰਘ ਕਣਕਵਾਲ, ਬਾਬਾ ਅਜੀਤ ਸਿੰਘ ਕੀਰਤਪੁਰ ਸਾਹਿਬ ਸੁਰਿੰਦਰਪਾਲ ਸਿੰਘ ਹਵਾਸ, ਰਣਜੋਧ ਸਿੰਘ ਅਮਰੀਕਾ, ਕੰਵਲਜੀਤ ਸਿੰਘ ਕੈਨੇਡਾ, ਰਾਜੂ ਗੋਇਲ, ਅਵਤਾਰ ਸਿੰਘ ਮਿਸਤਰੀ, ਫੂਲਾ ਸਿੰਘ ਪ੍ਰਧਾਨ ਇੰਗਲੈਂਡ ਵਾਲੇ, ਮਾਸਟਰ ਸਰਬਜੀਤ ਸਿੰਘ ਸਮਾਲਸਰ ਆਦਿ ਤੋਂ ਇਲਾਵਾ ਇਲਾਕੇ ਭਰ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ। ਸਟੇਜ ਦੀ ਸੇਵਾ ਬਾਬਾ ਸਵਰਨਜੀਤ ਸਿੰਘ ਤਰਨਾ ਦਲ ਦੁਆਬਾ ਨੇ ਨਿਭਾਈ। ਭਾਈ ਹਰਜੀਤ ਸਿੰਘ ਰੋਡੇ ਤੇ ਵੱਡੇ ਸਪੁੱਤਰ ਭਾਈ ਅਵਤਾਰ ਸਿੰਘ ਨੂੰ ਸਿੱਖ ਪੰਥ ਵੱਲੋਂ ਅਤੇ ਸਿੱਖ ਆਗੂਆਂ ਵੱਲੋਂ ਦਸਤਾਰਾਂ ਭੇਂਟ ਕੀਤੀਆਂ ਗਈਆਂ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ●●







ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07771 51-28621

ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥

# ਅੰਤਿਮ ਅਰਦਾਸ 'ਤੇ ਸ਼ਰਧਾਂਜਲੀ ਸਮਾਗਮ



ਸਾਡੇ ਸਤਿਕਾਰਯੋਗ ਪਿਤਾ ਜੀ ਦਲ ਖਾਲਸਾ ਦੇ ਬਾਨੀ 'ਤੇ
"ਖਾਲਿਸਤਾਨ ਜਲਾਵਤਨ ਸਿੱਖ ਯੋਧਾ"

## ਭਾਈ ਗਜਿੰਦਰ ਸਿੰਘ ਜੀ

ਆਪਣੀ ਸਵਾਸਾਂ ਦੀ ਪੂੰਜੀ ਪੂਰੀ ਕਰਦਿਆਂ ਹੋਇਆ ਲਾਹੌਰ ਵਿਖੇ ਅਕਾਲ ਚਲਾਣਾ
ਕਰ ਗਏ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਆਰੰਭ

## ਸ਼੍ਰੀ ਸਹਿਜ ਪਾਠ ਸਾਹਿਬ ਦੇ ਭੋਗ

**21 ਜੁਲਾਈ 2024, ਸਵੇਰੇ 11:00 ਵਜੇ**

ਰਾਮਗੜ੍ਹੀਆ ਸਿੱਖ ਗੁਰਦੁਆਰਾ, ਵੁੱਡਲੈਂਡ ਐਵਨਿਊ, ਸਲੋਹ SL1 3BU ਵਿਖੇ
ਪੈਣਗੇ ਉਪਰੰਤ ਅੰਤਿਮ ਅਰਦਾਸ, ਕੀਰਤਨ ਅਤੇ ਸ਼ਰਧਾਂਜਲੀ ਸਮਾਗਮ ਹੋਵੇਗਾ। ਆਪ ਜੀ ਨੂੰ ਅੰਤਿਮ
ਅਰਦਾਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

### ਗੁਰੂ ਦੇ ਭਾਣੇ ਵਿੱਚ

ਬੀਬਾ ਬਿਕਰਮਜੀਤ ਕੌਰ (ਪੁੱਤਰੀ)
ਸ ਗੁਰਪ੍ਰੀਤ ਸਿੰਘ ( ਜਵਾਈ)

ਸ ਮੰਗਲ ਸਿੰਘ (ਕੁੜਮ)
ਬੀਬੀ ਰਣਜੀਤ ਕੌਰ ( ਕੁੜਮਣੀ)

ਆਵਾਜ਼ਿ ਕੌਮ
AWAZE QAUM
International Newspaper & WEB TV

ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ॥

*In loving memory of our beloved father*



# SARDAR GAJINDER SINGH

Founder of Dal Khalsa
Akaal Takhat Honour - Jalawatan Sikh Yodha

**PLEASE JOIN US ON SUNDAY 21ST JULY 2024**

Antim Ardaas & Sehaj Paath Bhog at **11am**
followed by Kirtan, Speeches and Guru Ka Langar

**Ramgharia Sikh Gurdwara Slough**
**Woodland Avenue, SL1 3BU**

ਆਵਾਜ਼ਿ ਕੌਮ AWAZE QAUM International Newspaper & WEB TV

Bikramjit Kaur (daughter), Gurpreet Singh (son in law)
Mangal Singh, Ranjit Kaur & Family

**PLEASE WEAR KESRI DUMALLE/CHUNNIS**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮੀਰੀ ਪੀਰੀ ਦਿਵਸ




**ਮੀਰੀ ਪੀਰੀ ਦਿਵਸਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਸ਼ਹੀਦੀ ਦਿਵਸ਼ ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

**ਸ਼ਨਿੱਚਰਵਾਰ 20 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 21 ਜੁਲਾਈ 2024 ਨੂੰ 6:30 ਵਜੇ ਸਵੇਰੇ ਚੋਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਭਾਈ ਗੁਰਮੁੱਖ ਸਿੰਘ ਜੋਹਲ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

- ਛਬੀਲ ਵੀ ਲੱਗੇਗੀ
- ਗੁਰੂ ਕਾ ਲੰਗਰ ਅਤੁੱਟ ਵਰਤੇਗਾ


ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ, ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ੴ ਸਤਿਗੁਰ ਪ੍ਰਸਾਦਿ ॥

# ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥


## ਸਚੀ ਦਰਗਹ ਜਾਇ ਸਚਾ ਪਿੜ ਮਲਿਆ




ਗੁਰੂ ਪਿਆਰੀ ਸਾਧ ਸੰਗਤ ਜੀਓ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਸਿੱਖ ਕੌਮ ਦੀ ਆਜ਼ਾਦੀ ਦੇ ਪਰਵਾਨੇ,ਕਲਮ ਦੇ ਧਨੀ,ਪੰਜ ਦਹਾਕਕਿਆਂ ਤੋਂ ਵੱਧ ਆਖਰੀ ਦਮ ਤਕ ਜੁਝਣ ਵਾਲੇ ਯੋਧੇ ਭਾ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਵਾਰਾ ਸਾਹਿਬ ਵਿਖੇ ਸਮਾਗਮ ਸਜਾਏ ਜਾ ਰਹੇ ਹਨ ਜੀ,ਆਓ ਸਾਰੇ ਮਿਲ ਕੇ ਆਪਣੀਆਂ ਹਾਜਰੀਆਂ ਲਵਾ ਕੇ ਭਾ ਸਾਹਬ ਦੀ ਕੁਰਬਾਨੀ ਨੂੰ ਸ਼ਰਧਾ ਦੇ ਫੁੱਲ ਅਰਪਣ ਕਰੀਐ

ਸਮਾਗਮ ਦਾ ਵੇਰਵਾ:
ਐਤਵਾਰ:07.07.24 -11.30-12.00 ਅਰੰਭਤਾ ਸ੍ਰੀ ਸਹਿਜ ਪਾਠ ਸਾਹਿਬ ਜੀ।
12.00-13.15: ਸ਼ਬਦ ਕੀਰਤਨ ਗੁਰਮਤਿ ਵਿਚਾਰਾਂ ਭਾ ਰਿਸ਼ੀਪਾਲ ਸਿੰਘ ਜੀ।
ਐਤਵਾਰ:21.07.24 -10.45-11.15 ਸਮਾਪਤੀ ਸ੍ਰੀ ਸਹਿਜ ਪਾਠ ਸਾਹਿਬ ਜੀ, ਵੱਡੇ ਸਮਾਗਮ ਵਿੱਚ ਸ਼ਬਦ ਕੀਰਤਨ ਉਪਰੰਤ ਯੌਰਪ ਤੋਂ ਆਏ ਸਾਰੇ ਮਿਲ ਕੇ ਭਾ ਸਾਹਬ ਨੂੰ ਸ਼ਰਧਾ ਦੇ ਫੁੱਲ ਅਰਪਣ ਕਰਨਗੇ।
13.15 ਉਪਰੰਤ ਅਰਦਾਸ ਸਮਾਪਤੀ ।




ੴ ਸਤਿਗੁਰ ਪ੍ਰਸਾਦਿ ॥

# ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥

## ਸੱਚੀ ਦਰਗਹਿ ਜਾਇ ਸੱਚਾ ਪਿੜ ਮਲਿਆ



ਗੁਰੂ ਪਿਆਰੀ ਸਾਧ ਸੰਗਤ ਜੀਓ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਸਿੱਖ ਕੌਮ ਦੀ ਆਜ਼ਾਦੀ ਦੇ ਪਰਵਾਨੇ,ਕਲਮ ਦੇ ਧਨੀ,ਪੰਜ ਦਹਾਕਕਿਆਂ ਤੋਂ ਵੱਧ ਆਖਰੀ ਦਮ ਤਕ ਜੁਝਣ ਵਾਲੇ ਯੋਧੇ ਭਾ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਵਾਰਾ ਸਾਹਿਬ ਵਿਖੇ ਸਮਾਗਮ ਸਜਾਏ ਜਾ ਰਹੇ ਹਨ ਜੀ,ਆਓ ਸਾਰੇ ਮਿਲ ਕੇ ਆਪਣੀਆਂ ਹਾਜਰੀਆਂ ਲਵਾ ਕੇ ਭਾ ਸਾਹਬ ਦੀ ਕੁਰਬਾਨੀ ਨੂੰ ਸ਼ਰਧਾ ਦੇ ਫੁੱਲ ਅਰਪਣ ਕਰੀਐ

ਸਮਾਗਮ ਦਾ ਵੇਰਵਾ:
ਐਤਵਾਰ:07.07.24 -11.30-12.00 ਅਰੰਭਤਾ ਸ੍ਰੀ ਸਹਿਜ ਪਾਠ ਸਾਹਿਬ ਜੀ।
12.00-13.15: ਸ਼ਬਦ ਕੀਰਤਨ ਗੁਰਮਤਿ ਵਿਚਾਰਾਂ ਭਾ ਰਿਸ਼ੀਪਾਲ ਸਿੰਘ ਜੀ।
ਐਤਵਾਰ:21.07.24 -10.45-11.15 ਸਮਾਪਤੀ ਸ੍ਰੀ ਸਹਿਜ ਪਾਠ ਸਾਹਿਬ ਜੀ, ਵੱਡੇ ਸਮਾਗਮ ਵਿੱਚ ਸ਼ਬਦ ਕੀਰਤਨ ਉਪਰੰਤ ਯੌਰਪ ਤੋਂ ਆਏ ਸਾਰੇ ਮਿਲ ਕੇ ਭਾ ਸਾਹਬ ਨੂੰ ਸ਼ਰਧਾ ਦੇ ਫੁੱਲ ਅਰਪਣ ਕਰਨਗੇ।
13.15 ਉਪਰੰਤ ਅਰਦਾਸ ਸਮਾਪਤੀ ।





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


ਗੁਰਮੁਖਿ ਜਨਮੁ ਸਵਾਰਿ ਦਰਗਹਿ ਚਲਿਆ ॥ ਸਚੀ ਦਰਗਹਿ ਜਾਇ ਸਚਾ ਪਿੜ ਮਲਿਆ ॥
ਸ਼ਰਧਾਂਜਲੀ ਸਮਾਗਮ
ਉਮਰ ਦੇ ੭੩ ਸਾਲਾਂ ਵਿਚੋਂ ੫੩ ਸਾਲ ਸਿੱਖ ਸੰਘਰਸ਼ ਦੇ ਲੇਖੇ ਲਾਉਣ ਵਾਲਾ ਬੇਦਾਗ ਜਲਾਵਤਨ ਸਿੱਖ
▪ ਪਾਠ ਸ੍ਰੀ ਸੁਖਮਨੀ ਸਾਹਿਬ ਸਮੂਹ ਬੀਬੀਆਂ ਵੱਲੋਂ ੩:੩੦ ਵਜੇ
▪ ਭੋਗ ਸ੍ਰੀ ਸਹਿਜ ਪਾਠ ੫ ਵਜੇ ਸ਼ਾਮ ਉਪਰੰਤ ਕੀਰਤਨ ਦੀਵਾਨ ਸਜਣਗੇ।
20 ਜੁਲਾਈ, ਸ਼ਨਿੱਚਰਵਾਰ,
ਸਥਾਨ
ਗੁਰਦੁਆਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
48 KENILWORTH DRIVE,OADBY
LEICESTER
LE2 5LG
ਆਵਾਜ਼ਿ ਕੌਮ AWAZE QAUM
International Newspaper & WEB TV
ਭਾਈ ਗਜਿੰਦਰ ਸਿੰਘ ਜੀ
19 ਨਵੰਬਰ 1951 – 03 ਜੁਲਾਈ 2024
ਬੇਨਤੀ ਕਰਤਾ: ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਓਡਬੀ




## ਪੁਸਤਕ ਰਿਵਿਊ


# ਵਿਹੜੇ ਵਾਲਾ ਨਿੰਮ

### ਵਿਹੜੇ ਵਾਲਾ ਨਿੰਮ ਕਿਤਾਬ ਪੜਦੇ ਸਮੇਂ ਪਾਠਕ ਨੂੰ ਇੰਜ ਮਹਿਸੂਸ ਹੋਵੇਹਾ ਜਿਵੇਂ ਉਹ ਆਪਣੇ ਪਰਿਵਾਰ ਵਿੱਚ ਬੈਠ ਕੇ ਪੜ ਰਿਹਾ ਹੈ ਅਤੇ ਆਪਣੇ ਪਰਿਵਾਰਕ ਮੈਂਬਰਾਂ ਬਾਰੇ ਹੀ ਪੜ ਰਿਹਾ ਹੈ

**ਲਾਕਡਾਊਨ** 2020 ਕਰਕੇ ਕਈ ਕਲਮਾਂ ਹੋਂਦ ਵਿੱਚ ਆਈਆਂ ਜਾਂ ਕਹਿ ਸਕਦੇ ਹਾਂ ਕਿ ਕਈ ਕਲਮਾਂ ਨੂੰ ਪਹਿਚਾਣ ਮਿਲੀ। ਉਨਾਂ ਕਲਮਾਂ ਵਿੱਚੋਂ ਕੁਲਵਿੰਦਰ ਕੁਮਾਰ ਜੀ ਵੀ ਹਨ। ਕੁਲਵਿੰਦਰ ਕੁਮਾਰ ਜੀ ਦੀ ਲਿਖੀ ਹੋਈ ਕਿਤਾਬ "ਵਿਹੜੇ ਵਾਲਾ ਨਿੰਮ" ਮਿੰਨੀ ਕਹਾਣੀ ਸੰਗ੍ਰਹਿ ਹੈ। ਇਸ ਕਿਤਾਬ ਤੋਂ ਪਹਿਲਾ ਕੁਲਵਿੰਦਰ ਕੁਮਾਰ ਜੀ ਦੀਆਂ ਲਿਖਤਾਂ ਕਾਫੀ ਸਾਂਝੇ ਸੰਗ੍ਰਹਿਆਂ ਵਿੱਚ ਛੱਪ ਚੁੱਕੀਆਂ ਹਨ। ਸਾਹਿਤਯ ਕਲਸ਼ ਪਬਲੀਕੇਸ਼ਨ ਪਟਿਆਲ਼ਾ ਵੱਲੋਂ ਇਸ ਕਿਤਾਬ ਨੂੰ ਛਾਪਿਆ

ਆਵਾਜ਼ਿ ਕੌਮ AWAZE QAUM
International Newspaper & WEB TV

ਗਿਆ। ਕਿਤਾਬ ਦੀ ਜਿਲਦ ਦੇਖ ਕੇ ਮਹਿਸੂਸ ਹੁੰਦਾ ਹੈ ਕਿ ਇਹ ਕਹਾਣੀ ਪਿੰਡਾਂ ਦੇ ਖੁੱਲੇ ਮਹੌਲ ਨੂੰ ਦਰਸਾਉਂਦੀ ਹੋਵੇਗੀ। 96 ਪੰਨਿਆਂ ਦੀ ਇਸ ਕਿਤਾਬ ਵਿੱਚ ਕੁੱਲ 83 ਕਹਾਣੀਆਂ ਹਨ। ਕਿਤਾਬ ਦੇ ਸ਼ੁਰੂਆਤ ਵਿੱਚ ਦੋ ਸ਼ਬਦਾਂ ਦਰਸ਼ਨ ਸਿੰਘ ਆਸ਼ਟ ਜੀ ਦੇ ਤੇ ਮਨ ਦੇ ਬੋਲ ਲੇਖਕ ਕੁਲਵਿੰਦਰ ਕੁਮਾਰ ਜੀ ਦੇ ਹਨ। ਲਾਕਡਾਉਨ 2020 ਕਰਕੇ ਕਈ ਕਲਮਾਂ ਹੋਂਦ ਵਿੱਚ ਆਈਆਂ ਜਾਂ ਕਹਿ ਸਕਦੇ ਹਾਂ ਕਿ ਕਈ ਕਲਮਾਂ ਨੂੰ ਪਹਿਚਾਣ ਮਿਲੀ। ਉਨਾਂ ਕਲਮਾਂ ਵਿੱਚੋਂ ਮੈ ਖੁਦ ਵੀ ਹਾਂ ਅਤੇ ਕੁਲਵਿੰਦਰ ਕੁਮਾਰ ਜੀ ਵੀ ਹਨ। ਇਸ ਬਾਰੇ ਜ਼ਿਕਰ ਲੇਖਕ ਨੇ ਆਪਣੀ ਇਸ ਕਿਤਾਬ ਦੇ ਸ਼ੁਰੂਆਤ ਵਿੱਚ ਵੀ ਕੀਤਾ ਹੈ। ਸਾਰੀਆਂ ਕਹਾਣੀਆਂ ਬਹੁਤ ਹੀ ਦਿਲਚਸਪ ਹਨ। ਸਭ ਘਰੇਲੂ ਮਹੌਲ ਨੂੰ ਦਰਸਾਉਂਦੀਆਂ। ਪਰਿਵਾਰਕ ਸਾਂਝ ਨੂੰ ਵਧਾਉਂਦੀਆਂ ਦਿਸ ਰਹੀਆਂ ਹਨ। ਜਿਵੇਂ ਲੇਖਕ ਚਾਹੁੰਦਾ ਹੋਵੇ ਕਿ ਇੰਨਾਂ ਕਹਾਣੀਆਂ ਰਾਹੀਂ ਉਹ ਸਮਾਜ ਨੂੰ ਸੁਨੇਹੇ ਪਹੁੰਚਾਵੇ ਕਿ ਅੱਜ ਦੇ ਮਾਡਰਨ ਯੁੱਗ ਵਿੱਚ ਅੱਗੇ ਵੱਧਣ ਦੀ ਹੋੜ ਵਿੱਚ ਅਸੀ ਸਭ ਕਿੱਧਰੇ ਆਪਣੇ ਪਰਿਵਾਰਕ




ਪਿਆਰ ਅਤੇ ਸਤਿਕਾਰ ਅਤੇ ਅਹਮਿਯਤ ਨੂੰ ਭੁੱਲਦੇ ਜਾ ਰਹੇ ਹਾਂ। ਪਰ ਉਹ ਚਾਹੁੰਦਾ ਹੈ ਕਿ ਉਸਦਾ ਪਾਠਕ ਉਸ ਦੀਆਂ ਕਹਾਣੀਆਂ ਪੜ ਕੇ ਮਹਿਸੂਸ ਕਰੇ ਕਿ ਉਹ ਖੁਦ ਕਿੱਥੇ ਖੜਾ ਹੈ। ਲੇਖਕ ਚਾਹੁੰਦਾ ਹੈ ਕਿ ਅੱਜ ਦੇ ਸਮਾਜ ਦੀ ਜ਼ਰੂਰਤ ਜਿੱਥੇ ਸਿਰਫ ਪੈਸਾ ਬਣ ਕੇ ਰਹਿ ਗਈ ਹੈ ਉੱਥੇ ਉਹ ਆਪਣੇ ਪਰਿਵਾਰ ਦੀ ਆਪਣੀ ਜ਼ਿੰਦਗੀ ਵਿੱਚ ਕੀ ਜ਼ਰੂਰਤ ਹੈ ਉਹ ਵੀ ਸਮਝੇ। ਲੇਖਕ ਨੇ ਰਿਸ਼ਤਿਆਂ ਦੀ



ਅਹਮਿਯਤ ਨੂੰ ਆਪਣੀ ਹਰ ਕਹਾਣੀ ਵਿੱਚ ਬਹੁਤ ਅਹਮਿਯਤ ਦਿੱਤੀ ਹੈ। ਲੇਖਕ ਨੇ ਸਮਾਜਿਕ ਮੁੱਦਿਆਂ ਨੂੰ ਵੀ ਸ਼ਿੱਦਤ ਨਾਲ ਟੋਹਿਆ ਹੈ ਅਤੇ ਨਾਲ ਹੀ ਸੰਕੇਤਕ ਹੱਲ ਵੀ ਦੱਸੇ ਹਨ। ਕੁਲਵਿੰਦਰ ਕੁਮਾਰ ਜੀ ਦੀ ਇਹ ਕਿਤਾਬ ਬੱਚੇ, ਜਵਾਨ ਅਤੇ ਬਜ਼ੁਰਗ ਸਾਰੇ ਪੜ ਸਕਦੇ ਹਨ। ਹਰ ਕਿਸੇ ਵਰਗ ਨੂੰ ਆਪਣੇ ਲਈ ਸੇਧ ਭਰਿਆ ਸੁਨੇਹਾ ਮਿਲ ਜਾਏਗਾ। ਵਿਹੜੇ ਵਾਲਾ ਨਿੰਮ ਕਿਤਾਬ ਪੜਦੇ ਸਮੇਂ ਪਾਠਕ ਨੂੰ ਇੰਜ ਮਹਿਸੂਸ ਹੋਵੇਹਾ ਜਿਵੇਂ ਉਹ ਆਪਣੇ ਪਰਿਵਾਰ ਵਿੱਚ ਬੈਠ ਕੇ ਪੜ ਰਿਹਾ ਹੈ ਅਤੇ ਆਪਣੇ ਪਰਿਵਾਰਕ ਮੈਂਬਰਾਂ ਬਾਰੇ ਹੀ ਪੜ ਰਿਹਾ ਹੈ। ਕਿਉਂਕਿ ਕਿਤਾਬ ਦੀਆਂ ਕਹਾਣੀਆਂ ਤਕਰੀਬਨ ਹਰ ਰਿਸ਼ਤੇ ਨੂੰ ਦਰਸਾਉਂਦੀਆਂ ਹਨ। ਕਿਤਾਬ ਬਹੁਤ ਹੀ ਸੁੱਚਜੇ ਢੰਗ ਨਾਲ ਲਿਖੀ ਗਈ ਹੈ। ਉਮੀਦ ਹੈ ਕੁਲਵਿੰਦਰ ਕੁਮਾਰ ਜੀ ਦੀ ਅਗਲੀ ਕਿਤਾਬ ਵਿੱਚ ਕੋਈ ਹੋਰ ਵੰਨਗੀ, ਕੋਈ ਹੋਰ ਸੰਦੇਸ਼ ਜਾਂ ਕੋਈ ਹੋਰ ਵਿਸ਼ੇ ਵੀ ਪੜਣ ਨੂੰ ਮਿਲਣਗੇ। ਬਹੁਤ ਸਾਰੀਆਂ ਦੁਆਵਾਂ।

**-ਰਸ਼ਿਪੰਦਰ ਕੌਰ ਗਿੱਲ, ਸੰਸਥਾਪਕ, ਪ੍ਰਧਾਨ**
**ਪੀਂਘਾਂ ਸੋਚ ਦੀਆਂ ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ**
+91-9888697078

### ਬਾਬਾ ਦੀਪ ਸਿੰਘ ਹਸਪਤਾਲ ਤਲਵੰਡੀ ਸਾਬੋ ਵੱਲੋਂ

# ਵੱਖ-ਵੱਖ ਥਾਵਾਂ ਤੋਂ ਲਏ ਪਾਣੀ ਦੇ ਸੈਂਪਲ





**ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ, ਜਿਲਾ ਸਿਹਤ ਅਫਸਰ ਡਾ. ਊਸ਼ਾ ਗੋਇਲ, ਜਿਲਾ ਐਪੀਡੀਮੋਲੋਜਿਸਟ ਡਾ. ਮਯੰਕਜੋਤ ਸਿੰਘ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਡਾ. ਦਰਸ਼ਨ ਕੌਰ ਐਸ.ਐਮ.ਓ ਤਲਵੰਡੀ ਸਾਬੋ, ਜਿਲਾ ਏ.ਐਮ.ਓ ਹਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਤਲਵੰਡੀ ਸਾਬੋ, ਰਾਮਾਂ ਮੰਡੀ, ਮੌੜ, ਜੋਧਪੁਰ ਪਾਖਰ ਦੇ ਵੱਖ-ਵੱਖ ਖੇਤਰਾਂ ਵਿੱਚੋਂ ਪਾਣੀ ਦੇ ਸੈਂਪਲ ਲਏ ਗਏ। ਇਸ ਮੌਕੇ ਹੈਲਥ ਸੁਪਰਵਾਈਜਰ ਕੁਲਦੀਪ ਸਿੰਘ, ਗੁਰਮੀਤ ਸਿੰਘ ਨੇ ਗਰਮੀਆਂ ਦੀਆਂ ਅਤੇ ਪੀਣ ਵਾਲੇ ਅਸ਼ੁੱਧ ਪਾਣੀ ਤੋਂ ਬਿਮਾਰੀਆਂ ਜਿਵੇਂ ਕਿ ਪੀਲੀਆ, ਟਾਈਫਾਇਡ, ਹੈਜ਼ਾ ਆਦਿ ਤੋਂ ਬਚਣ ਲਈ ਦੱਸਿਆ ਗਿਆ ਅਤੇ ਓ...ਆਰ .ਐਸ ਤੇ ਜ਼ਿੰਕ ਦੀਆਂ ਗੋਲੀਆਂ ਵੰਡੀਆਂ ਗਈਆਂ ਅਤੇ ਲੋਕਾਂ ਨੂੰ ਇਹ ਵੀ ਦੱਸਿਆ ਗਿਆ ਕਿ ਬਰਸਾਤਾਂ ਹੋਣ ਕਾਰਨ ਜਾਂ ਪਾਣੀ ਦੀ ਲੀਕੇਜ ਹੋਣ ਤੇ ਪੀਣ ਵਾਲਾ ਪਾਣੀ ਅਸ਼ੁੱਧ ਹੋ ਜਾਂਦਾ ਹੈ ਤਾਂ ਪਾਣੀ ਨੂੰ ਕਲੋਰੀਨੇਸਨ ਕਰਕੇ, ਫਟਕੜੀ ਪਾ ਕੇ ਜਾਂ ਫਿਰ ਉਬਾਲ ਕੇ ਪੀਣਾ ਚਾਹੀਦਾ ਹੈ ਤਾਂ ਜੋ ਇੰਨ੍ਹਾਂ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਸ ਮੌਕੇ ਸਿਹਤ ਕਰਮਚਾਰੀ ਹਰਪਾਲ ਸਿੰਘ ਗਿਆਨਾ, ਗੁਰਸੇਵਕ ਸਿੰਘ, ਅਮਨਦੀਪ ਸਿੰਘ ਗਿਆਨਾ ਅਤੇ ਅਮਨਦੀਪ ਸਿੰਘ, ਅਮਨਪ੍ਰੀਤ ਸਿੰਘ ਬਰੀਡ ਚੈਕਰ ਹਾਜ਼ਰ ਸਨ।



### ਖਾਲਸਾ ਅਕੈਡਮੀ ਮਹਿਤਾ ਵਿਖੇ

# ਵਣ ਮਹਾਂ ਉਤਸਵ ਮਨਾਇਆ ਗਿਆ




**ਚੌਂਕ ਮਹਿਤਾ, 19 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮੁਖੀ ਅਤੇ ਪ੍ਰਧਾਨ ਸੰਤ ਸਮਾਜ ਸੰਤ ਗਿਆਨੀ ਗੁੰਥਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਵਿਖੇ ਵਣ ਮਹਾਂ ਉਤਸਵ ਮਨਾਇਆ ਗਿਆ। ਇਸ ਦੌਰਾਨ ਅਕੈਡਮੀ ਦੇ ਪ੍ਰਿੰਸੀਪਲ ਸ੍ਰੀ ਰਜਿੰਦਰ ਕੁਮਾਰ ਸ਼ਰਮਾ ਕਾਲਜ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਸਮਾ ਅਤੇ ਐਨਸੀਸੀ ਦੇ 22 ਪੰਜਾਬ ਬਟਾਲੀਆਂ ਬਟਾਲਾ ਤੋਂ ਵਿਸ਼ੇਸ਼ ਤੌਰ ਤੇ ਪੁੱਜੇ ਸੂਬੇਦਾਰ ਜਗ ਸੀਰ ਸਿੰਘ ਹਵਾਲਦਾਰ ਸਵਰਨ ਸਿੰਘ ਬਲਜੀਤ ਸਿੰਘ ਅਤੇ ਪਰਵਿੰਦਰ ਸਿੰਘ ਨੇ ਸਕੂਲ ਦੇ ਬੱਚਿਆਂ ਨੂੰ ਨਾਲ ਲੈ ਕੇ ਤਕਰੀਬਨ 200 ਰੁੱਖ ਲਗਾਏ। ਇਸ ਮੌਕੇ ਦੋਹਾਂ ਪ੍ਰਿੰਸੀਪਲ ਸਾਹਿਬਾਨਾਂ ਨੇ ਬੱਚਿਆਂ ਨੂੰ ਇਸ ਧਰਤੀ ਦੇ ਫੇਫੜੇ ਕਹੇ ਜਾਣ ਵਾਲੇ ਰੁੱਖਾਂ ਦੇ ਮਹੱਤਵ ਬਾਰੇ ਅਤੇ ਰੁੱਖਾਂ ਦੀ ਅੰਨੇ ਵਾਹ ਕਟਾਈ ਕਾਰਨ ਵੱਧ ਰਹੀ ਆਲਮੀ ਤਪਸ਼ ਦੇ ਨੁਕਸਾਨਾਂ ਬਾਰੇ ਵੀ ਜਾਣਕਾਰੀ ਦਿੱਤੀ।

# ਅਕਾਲ ਯੂਨੀਵਰਸਿਟੀ ਵਿਚ ਨੌਜਵਾਨ ਸਿਵਲ ਸਰਵੈਂਟਸ ਦੇ ਕੋਚਿੰਗ ਬੈਚ ਦਾ ਹੋਇਆ ਆਰੰਭ







**ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੁਆਰਾ 'ਯੂ.ਪੀ.ਐੱਸ.ਸੀ ਸੁਪਰ 30 ਕੋਚਿੰਗ ਬੈਚ' ਦੇ ਉਦਘਾਟਨ ਦੀ ਘੋਸ਼ਣਾ ਕੀਤੀ ਗਈ, ਜਿਸ ਦਾ ਉਦੇਸ਼ ਪੂਰੀ ਤਰ੍ਹਾਂ ਨਾਲ ਕੋਚਿੰਗ ਪ੍ਰੋਗਰਾਮ ਦੇ ਨਾਲ ਹੋਣਹਾਰ ਵਿਦਿਆਰਥੀਆਂ ਨੂੰ ਉੱਚ ਪੱਧਰ ਦੀ ਸਿਖਲਾਈ ਪ੍ਰਦਾਨ ਕਰਨਾ ਹੈ। ਇਹ ਉੱਦਮ ਅਕਾਲ ਯੂਨੀਵਰਸਿਟੀ ਦੇ ਸੈਂਟਰ ਫਾਰ ਕੰਪੀਟੀਟਿਵ ਐਗਜ਼ਾਮੀਨੇਸ਼ਨ (ਸੀਸੀਈ) ਦੁਆਰਾ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਪ੍ਰਬੰਧਕਾਂ ਨੇ ਜਾਣਕਾਰੀ ਦਿੱਤੀ ਕਿ ਵਿਦਿਆਰਥੀਆਂ ਤੋਂ ਇਸ ਪ੍ਰੋਗਾਰਮ ਦੀ ਕੋਈ ਫੀਸ ਨਹੀਂ ਵਸੂਲੀ ਜਾਏਗੀ, ਸਗੋਂ ਇਹ ਉਹਨਾਂ ਤੋਂ ਮਹਿਜ ਸ਼ਾਨਦਾਰ ਸਿਖਲਾਈ ਲਈ ਸਮਰਪਣ ਦੀ ਮੰਗ ਕਰਦਾ ਹੈ। ਪ੍ਰੋਗਰਾਮ ਦੌਰਾਨ ਇੱਕ-ਤੋਂ-ਇੱਕ ਸਲਾਹਕਾਰ, ਵਿਆਪਕ ਰਣਨੀਤੀ, ਸੰਬੰਧਿਤ ਸਰੋਤ, ਅਤੇ ਢੁੱਕਵੀਂ ਕਾਰਗੁਜ਼ਾਰੀ ਸਮੀਖਿਆ ਅਤੇ ਫੀਡਬੈਕ ਵਰਗੀਆਂ ਸਹੂਲਤਾਂ ਵਿਦਿਆਰਥਿਆਂ ਨੂੰ ਦਿੱਤੀਆਂ ਜਾਣੀਆਂ ਹਨ। ਪ੍ਰੋਗਰਾਮ ਵਿੱਚ ਯੂਨੀਵਰਸਿਟੀ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ, ਰਜਿਸਟਰਾਰ ਪ੍ਰੋ. ਸਵਰਨ ਸਿੰਘ, ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਚਹਿਲ ਬੀ.ਐਸ. ਗਿੱਲ ਅਤੇ ਕਮਲਜੀਤ ਸਿੰਘ ਸ਼ਾਮਿਲ ਹੋਏ। ਮੰਚ ਤੋਂ ਉਦਘਾਟਨੀ ਭਾਸ਼ਣ ਦੌਰਾਨ ਵਿਦਿਆਰਥੀਆਂ ਨੂੰ ਇਸ ਪ੍ਰੋਜੈਕਟ ਦੇ ਉਦੇਸ਼ਾਂ ਅਤੇ ਵੱਖ ਵੱਖ ਹੋਣ ਵਾਲੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ। ਸ੍ਰੀ ਬੀ.ਐਸ. ਗਿੱਲ ਨੇ ਵਿਦਿਆਰਥਿਆਂ ਨੂੰ ਸੰਬੋਧਿਤ ਕਰਦੇ ਹੋਏ ਇਸ ਪ੍ਰੋਜੈਕਟ ਜੋ ਅਕਾਦਮਿਕ ਉੱਤਮਤਾ ਦਾ ਵੱਡਾ ਉਦਾਹਰਨ ਹੈ, ਦਾ ਹਿੱਸਾ ਬਣਨ ਲਈ ਵਧਾਈ ਦਿੱਤੀ। ਉਹਨਾਂ ਨੇ ਸ਼ਖ਼ਸੀਅਤ ਦੇ ਸੰਪੂਰਨ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ, ਉੱਚੀਆਂ ਕਦਰਾਂ-ਕੀਮਤਾਂ ਨੂੰ ਪੈਦਾ ਕਰਨ ਅਤੇ ਸਭ ਤੋਂ ਮਹੱਤਵਪੂਰਨ ਦੇਸ਼ ਦੇ ਜ਼ਿੰਮੇਵਾਰ ਨਾਗਰਿਕਾਂ ਦਾ ਨਿਰਮਾਣ ਕਰਨ ਸੰਬੰਧੀ ਚਰਚਾ ਕੀਤੀ। ਇਸ ਤਰ੍ਹਾਂ ਇਸ ਵਿਸ਼ੇਸ਼ ਪ੍ਰੋਗਰਾਮ ਰਾਹੀਂ ਯੂਨੀਵਰਸਿਟੀ ਉਹਨਾਂ ਨੌਜਵਾਨ ਨੀਤੀ ਨਿਰਮਾਤਾਵਾਂ ਨੂੰ ਪੈਦਾ ਕਰਨ ਦੇ ਯੋਗ ਹੋਵੇਗੀ ਜੋ ਭਵਿੱਖ ਵਿਚ ਦੇਸ਼ ਦੇ ਵਿਕਾਸ ਵਿਚ ਮਹਾਨ ਯੋਗਦਾਨ ਪਾਉਣਗੇ।

# ਵਿਧਾਇਕ ਰਮਦਾਸ ਨੇ ਪਿੰਡ ਖਾਸਾ ਵਿੱਚ ਬੂਟੇ ਲਾਉਣ ਦੀ ਕੀਤੀ ਸ਼ੁਰੂਆਤ

**ਚੌਂਕ ਮਹਿਤਾ, 20 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਾਤਾਵਰਣ ਦੀ ਸ਼ੁਧਤਾ ਲਈ ਹਲਾਕਾ ਮਨਰੇਗਾ ਸਕੀਮ ਤਹਿਤ ਅਟਾਰੀ ਦੇ ਵਿਧਾਇਕ ਜਸਵਿੰਦਰ ਸਿੰਘ ਰਮਦਾਸ ਨੇ ਅੱਜ ਪਿੰਡ ਖਾਸਾ ਵਿਖੇ ਬੂਟੇ ਲਾਉਣ ਦੀ ਸ਼ੁਰੂਆਤ ਕਰਨ ਮੌਕੇ ਕਿਹਾ ਕਿ ਪੰਜਾਬ ਵਿੱਚ ਰੁੱਖਾਂ ਦੀ ਘਾਟ ਨੂੰ ਪੂਰਿਆਂ ਕਰਨ ਲਈ ਹਰ ਪੰਜਾਬ ਵਾਸੀ ਦਾ ਇਹ ਫਰਜ਼ ਬਣਦਾ ਹੈ ਕਿ ਉਹ ਵੱਧ ਤੋਂ ਵੱਧ ਬੂਟੇ ਲਾ ਕੇ ਉਨ੍ਹਾਂ ਦੀ ਸੰਭਾਲ ਕਰੇ ਤਾਂ ਕਿ ਸਾਨੂੰ ਆਕਸੀਜਨ ਤੇ ਸਾਫ਼ ਸੁਥਰਾ ਵਾਤਾਵਰਣ ਮਿਲ ਸਕੇ। ਇਸ ਮੌਕੇ 'ਤੇ ਮੇਜਰ ਸਿੰਘ ਖਾਸਾ, ਆਪ ਆਗੂ ਕੰਵਲਜੀਤ ਸਿੰਘ ਮੋਨੂੰ, ਸਰਵਨ ਸਿੰਘ ਪੰਚ, ਹਰਨੇਕ ਸਿੰਘ, ਰਾਜਾ ਯੂ.ਕੇ, ਸੋਨੀ ਟਰੱਕਾਂ ਵਾਲਾ, ਕੁਲਦੀਪ ਸਿੰਘ ਚੱਕੀ ਵਾਲੇ, ਰਵਿੰਦਰ ਸਿੰਘ ਸੈਕਟਰੀ ਖਾਸਾ, ਜਸਵਿੰਦਰ ਸਿੰਘ ਚੌਕੀ ਇੰਚਾਰਜ ਖਾਸਾ ਤੇ ਸਮੂਹ ਮਨਰੇਗਾ ਟੀਮ ਹਾਜ਼ਰ ਸਨ। ਸਮੂਹ ਪਿੰਡ ਵਾਸੀਆਂ ਨੇ ਇਸ ਮੁਹਿੰਮ ਵਾਸਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।



### ਬੈਂਕ ਆਫ਼ ਬੜੌਦਾ, ਬ੍ਰਾਂਚ-ਧੂਰੀ ਵੱਲੋਂ

# ਪੇਧਨੀ ਸਕੂਲ ਦੇ ਬੱਚਿਆਂ ਨੂੰ ਪਾਣੀ ਵਾਲੀਆ ਬੋਤਲਾਂ ਵੰਡੀਆਂ



**ਧੂਰੀ ( ਰਣਜੀਤ ਸਿੰਘ ਪੇਧਨੀ)**-ਬੈਂਕ ਆਫ ਬੜੌਦਾ ਬ੍ਰਾਂਚ - ਧੂਰੀ ਦੇ ਮੈਨੇਜਰ ਸ਼੍ਰੀ ਰਾਹੁਲ ਬਾਂਸਲ ਵੱਲੋਂ ਬੈਂਕ ਦੇ ਫਾਉਂਡੇਸ਼ਨ ਡੇਅ ਮੌਕੇ ਸਰਕਾਰੀ ਮਿਡਲ ਸਕੂਲ ਪੇਧਨੀ ਕਲਾਂ ਦੇ ਸਮੂਹ ਵਿਦਿਆਰਥੀਆਂ ਨੂੰ ਠੰਡੇ ਪਾਣੀ ਦੀਆਂ ਬੋਤਲਾਂ ਦਿੱਤੀਆਂ ਗਈਆਂ ਅਤੇ ਸਾਰੇ ਬੱਚਿਆਂ ਦਾ ਤੇ ਸਟਾਫ ਦਾ ਮੂੰਹ ਮਿੱਠਾ ਵੀ ਕਰਵਾਇਆ ਗਿਆ। ਉਹਨਾਂ ਵੱਲੋਂ ਕੀਤੇ ਇਸ ਵਿਸ਼ੇਸ਼ ਉਪਰਾਲੇ ਤੇ ਸਮੂਹ ਸਟਾਫ਼ ਨੇ ਉਹਨਾਂ ਦਾ ਬਹੁਤ ਧੰਨਵਾਦ ਕੀਤਾ । ਭਵਿੱਖ ਵਿੱਚ ਵੀ ਉਹਨਾਂ ਨੂੰ ਸਕੂਲ ਵਿੱਚ ਅਜਿਹੇ ਕੰਮ ਕਰਨ ਲਈ ਅੱਗੇ ਆਉਣ ਲਈ ਕਿਹਾ। ਇਸ ਮੌਕੇ ਬੈਂਕ ਦੇ ਸਟਾਫ਼ ਮੈਂਬਰ ਸ਼੍ਰੀ ਜਸਵੰਤ ਸਿੰਘ,ਸ਼੍ਰੀ ਸ਼ਾਹਨਵਾਜ਼ ਅਤੇ ਸਕੂਲ ਇੰਚਾਰਜ ਸ਼ਾਲੂ ਰਾਣੀ, ਗੁਰਸ਼ਰਨ ਕੌਰ, ਹਰਜਿੰਦਰ ਕੌਰ ਤੇ ਸ਼ੀਨੂ ਸਿੰਗਲਾ ਵੀ ਹਾਜ਼ਰ ਰਹੇ।

### ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਵੱਲੋਂ

# ਮਹਾਂਵੀਰ ਮੰਦਿਰ ਤੂੜੀ ਬਜ਼ਾਰ ਵਿਚ ਵੰਡੇ ਤੁਲਸੀ ਦੇ ਬੂਟੇ





**ਫ਼ਿਰੋਜ਼ਪੁਰ, 20 ਜੁਲਾਈ(ਮਨੋਹਰ ਲਾਲ):**— ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਵੱਲੋਂ ਮਹਾਂਵੀਰ ਮੰਦਿਰ ਤੂੜੀ ਬਜ਼ਾਰ ਫ਼ਿਰੋਜ਼ਪੁਰ ਵਿਖੇ ਭਾਰੀ ਗਿਣਤੀ ਵਿਚ ਤੁਲਸੀ ਦੇ ਬੂਟੇ ਵੰਡ ਸਮਾਰੋਹ ਕੀਤਾ ਗਿਆ। ਇਸ ਮੌਕੇ ਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਅਹੁਦੇਦਾਰ ਜਿਸ ਵਿਚ ਪ੍ਰਧਾਨ ਸੁਭਾਸ਼ ਚੋਧਰੀ, ਰਮਨ ਸ਼ਰਮਾ ਸਾਬਕਾ ਪ੍ਰਧਾਨ, ਵਿਨੋਦ ਗੋਇਲ ਆਗੂ ਹਾਜ਼ਰ ਸਨ। ਇਸ ਮੌਕੇ ਤੇ ਮਹਾਂਵੀਰ ਮੰਦਿਰ ਦੇ ਪ੍ਰਧਾਨ ਪ੍ਰਿਥਵੀ ਪੁਗਲ ਤੋਂ ਇਲਾਵਾ ਡਾ: ਦੀਵਾਨ ਚੰਦ ਸੁਖੀਜਾ ਮੈਂਬਰ ਵੀ ਹਾਜ਼ਰ ਸਨ। ਇਸ ਮੌਕੇ ਤੇ ਪ੍ਰਧਾਨ ਸੁਭਾਸ਼ ਚੌਧਰੀ ਨੇ ਤੁਲਸੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਅਤੇ ਕਿਹਾ ਕਿ ਸਾਨੂੰ ਆਪਣੇ ਹਰ ਘਰ ਵਿਚ ਤੁਲਸੀ ਦੇ ਬੂਟੇ ਲਾਉਣੇ ਚਾਹੀਦੇ ਹਨ, ਜੇਕਰ ਤੁਹਾਡੇ ਘਰ ਵਿਚ ਤੁਲਸੀ ਦਾ ਬੂਟਾ ਹੈ ਤਾਂ ਤੁਸੀਂ ਆਪਣੇ ਘਰ ਵਿਚ ਹੀ ਕਈ ਬਿਮਾਰੀਆਂ ਦਾ ਇਲਾਜ ਕਰ ਸਕਦੇ ਹੋ, ਜਿਵੇਂ ਖਾਸੀ, ਜ਼ੁਕਾਮ, ਬੁਖਾਰ ਆਦਿ ਦੇ ਪੱਤੇ ਚਾਹ ਵਿਚ ਪਾਉਣ ਨਾਲ ਚਾਹ ਸਵਾਦਿਸ਼ਟ ਬਣਦੀ ਹੈ, ਨਾ ਹੀ ਕਈ ਬਿਮਾਰੀਆਂ ਨੂੰ ਭਜਾਉਂਦੀ ਹੈ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਨੇ ਆਪਣੀ—ਆਪਣੀ ਤੁਲਸੀ ਬਾਰੇ ਵਿਚਾਰ ਰੱਖੇ। ਇਸ ਮੌਕੇ ਤੇ ਸੁਭਾਸ਼ ਚੌਧਰੀ, ਮਹਿੰਦਰ ਪਾਲ ਬਜਾਜ, ਵਿਨੋਦ ਗੋਇਲ ਰਮਨ ਸ਼ਰਮਾ ਤੋਂ ਇਲਾਵਾ ਹੋਰ ਵੀ ਉੱਘੇ ਆਗੂ ਹਾਜ਼ਰ ਸਨ।

### ਮੰਗਾਂ ਮਨਵਾਉਣ ਲਈ

# ਪਾਵਰਕੌਮ ਕਾਮਿਆਂ ਦੀ ਹੋਈ ਹੰਗਾਮੀ ਮੀਟਿੰਗ



**ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :**— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਸਬ ਡਵੀਜਨ ਝੋਕ ਟਹਿਲ ਸਿੰਘ ਬਿਜਲੀ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਹੰਗਾਮੀ ਮੀਟਿੰਗ ਕੀਤੀ। ਇਸ ਮੀਟਿੰਗ ਦੀ ਅਗਵਾਈ ਰੁਪਿੰਦਰ ਸਿੰਘ ਪ੍ਰਧਾਨ ਵੱਲੋਂ ਕੀਤੀ ਗਈ, ਜਿਸ ਵਿਚ ਬਿਜਲੀ ਮੁਲਾਜ਼ਮ ਰੁਪਿੰਦਰ ਸਿੰਘ ਪ੍ਰਧਾਨ ਸਮੇਤ ਰਜਿੰਦਰ ਕੁਮਾਰ ਸਕੱਤਰ, ਸੁਰਿੰਦਰ ਕੁਮਾਰ, ਜਗਦੀਸ਼ ਕੁਮਾਰ ਕੈਸ਼ੀਅਰ, ਰੋਸ਼ਨ ਲਾਲ, ਡਵੀਜਨ ਆਗੂ ਅਸ਼ਵਨੀ ਕੁਮਾਰ, ਸਰਕਲ ਪ੍ਰਧਾਨ ਸਮੇਤ ਸਾਰੇ ਸਾਥੀਆਂ ਨੇ ਇਸ ਮੀਟਿੰਗ ਵਿਚ ਹਿੱਸਾ ਲਿਆ ਅਤੇ ਆਗੂ ਸਾਥੀਆਂ ਨੇ ਬੋਲਦੇ ਹੋਏ ਕਿਹਾ ਕਿ ਪਾਵਰ ਮੈਨੇਜਮੈਂਟ ਪਾਸੋਂ ਬਿਜਲੀ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਅਤੇ ਰਹਿੰਦੀਆਂ ਮੰਗਾਂ ਦਾ ਜਲਦ ਤੋਂ ਜਲਦ ਫੈਸਲਾ ਕੀਤਾ ਜਾਵੇ, ਜੋ ਕਿ ਪਾਵਰਕੌਮ ਦੀ ਮੈਨੇਜਮੈਂਟ ਨੂੰ ਅਤੇ ਪੰਜਾਬ ਸਰਕਾਰ ਨੂੰ 50 ਮੰਗਾਂ ਦਾ ਮੰਗ ਪੱਤਰ ਦਿੱਤਾ ਹੋਇਆ ਹੈ ਜ਼ੋ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਟਾਲ—ਮਟੋਲ ਕਰ ਰਹੀ ਹੈ, ਜਿਸ ਕਰਕੇ ਮੁਲਾਜ਼ਮਾਂ ਅੰਦਰ ਰੋਸ ਪਾਇਆ ਜਾ ਰਿਹਾ ਹੈ, ਜ਼ੋ ਸਟਾਫ ਦੀ ਘਾਟ ਹੈ, ਪੂਰੀ ਕੀਤੀ ਜਾਵੇ, ਸਕੇਲਾਂ ਦੀਆਂ ਤਰੁਟੀਆਂ ਨੂੰ ਦੂਰ ਕੀਤਾ ਜਾਵੇ, ਓ.ਸੀ ਅਤੇ ਏ.ਐਸ.ਐਸ.ਏ ਨੂੰ ਪੇ ਬੈਂਡ ਦਿੱਤਾ ਜਾਵੇ, 295 ਵਾਲੇ ਸਾਥੀਆਂ ਨੂੰ ਰੈਗੂਲਰ ਤਨਖਾਹ ਦਿੱਤੀ ਜਾਵੇ ਜ਼ੋ ਕਿ ਮੁਲਾਜ਼ਮਾਂ ਦਾ 3 ਸਾਲ ਦਾ ਸਮਾਂ ਪੂਰਾ ਹੋ ਚੁੱਕਾ ਹੈ, ਡੀ.ਏ ਦੀਆਂ ਕਿਸ਼ਤਾਂ ਦਾ ਭੁਗਤਾਨ ਕੀਤਾ ਜਾਵੇ, ਨਵੇਂ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਵਾਲੇ ਸਕੇਲ ਦਿੱਤੇ ਜਾਣ, ਪੁਰਾਣੀ ਪੈਨਸ਼ਨ ਦਿੱਤੀ ਜਾਵੇ, ਡਿਊਟੀ ਦੌਰਾਨ ਸਹਾਇਕ ਲਾਈਨਮੈਨ ਅਤੇ ਲਾਈਨਮੈਨ ਅਤੇ ਸੀ.ਐਚ.ਬੀ ਨੂੰ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਬਣਦਾ ਲਾਭ ਦਿੱਤਾ ਜਾਵੇ।

# ਇਤਿਹਾਸਿਕ ਮੰਦਰ ਰਾਮ ਤੀਰਥ ਵਿਖੇ ਗਊਰਾਗ ਗਊਸ਼ਾਲਾ ਕਲੱਬ ਵੱਲੋਂ ਬੂਟੇ ਲਗਾਏ ਗਏ



**ਚੌਕ ਮਹਿਤਾ, 20 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਾਤਾਵਰਨ ਨੂੰ ਖਰਾਬ ਕਰਨ ਵਿੱਚ ਜਿੱਥੇ ਇਨਸਾਨੀਅਤ ਨੇ ਪੂਰਾ ਯੋਗਦਾਨ ਦਿੱਤਾ ਉਥੇ ਅਗਲੀ ਪੀੜੀ ਨੂੰ ਆਕਸੀਜਨ ਸਿਲੰਡਰਾਂ ਤੋਂ ਬਚਾਉਣਾ ਹੈ ਤਾਂ ਆਪਣੇ ਆਲੇ ਦੁਆਲੇ ਵੱਧ ਤੋਂ ਵੱਧ ਸ਼ਾਨਦਾਰ ਰੁੱਖ ਲਗਾਏ ਜਾਣ ਇਹ ਵਿਚਾਰ ਇਤਿਹਾਸਿਕ ਮੰਦਰ ਸੀਤਾ ਮਾਤਾ ਲਵ ਕੁਛ ਜਨਮ ਭੂਮੀ ਭਗਵਾਨ ਵਾਲਮੀਕ ਮੰਦਰ ਸ੍ਰੀ ਰਾਮ ਤੀਰਥ ਵਿਖੇ ਗਊਰਾਗ ਗਊਸ਼ਾਲਾ ਗੋਪਾਲ ਕਲੱਬ ਅੰਮ੍ਰਿਤਸਰ ਸੰਸਥਾ ਸ੍ਰੀ ਪੁੰਡਰੀਕ ਗੌਰ ਸੁਆਮੀ ਮਹਾਰਾਜ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਹਰਿਆਵਲ ਲਹਿਰ ਤਹਿਤ ਅਲੱਗ ਅਲੱਗ ਪ੍ਰਕਾਰ ਦੇ ਸ਼ਾਨਦਾਰ ਬੂਟੇ ਲਗਾਏ ਗਏ ਕਿਹਾ ਕਿ ਜਿੱਥੇ ਕਰੋਨਾ ਦੌਰ ਵੇਲੇ ਇੱਕ ਸਮਾਂ ਉਹ ਆ ਗਿਆ ਸੀ ਜਦੋਂ ਬਾਹਰੋਂ ਹਸਪਤਾਲ ਵਿੱਚ ਆਕਸੀਜਨ ਸਲੰਡਰਾਂ ਦੀ ਮੁਫਤ ਸੇਵਾ ਸਮਾਜ ਸੇਵੀਆਂ ਸੰਸਥਾਵਾਂ ਵੱਲੋਂ ਰਲ ਮਿਲ ਕੇ ਕੀਤੀ ਗਈ ਸੀ ਉਸ ਦਰਮਿਆਨ ਕਈ ਸ਼ਹਿਰਾਂ ਤੋਂ ਸਾਫ ਪਹਾੜ ਨਜ਼ਰ ਆਉਣ ਲੱਗ ਪਏ ਸਨ ਉਹਨਾਂ ਕਿਹਾ ਇਸ ਕੁਦਰਤ ਵੱਲੋਂ ਹਵਾ ਪਾਣੀ ਦੀ ਦਿੱਤੀ ਦਾਤ ਨੂੰ ਅਸੀਂ ਨਾ ਸਮਝਦੇ ਹੋਏ ਅਗਲੀ ਪੀੜੀ ਲਈ ਨੁਕਸਾਨ ਕਰ ਤਾਂ ਰਹੇ ਹਾਂ ਜੇਕਰ ਅਸੀਂ ਰੁੱਖ ਨਾ ਲਗਾਏ ਆਉਣ ਵਾਲੇ ਸਮੇਂ ਵਿੱਚ ਹਰੇਕ ਨਾਗਰਿਕ ਆਕਸੀਜਨ ਸਲੰਡਰ ਦੇ ਸਹਾਰੇ ਵੇਖਿਆ ਜਾ ਸਕੇਗਾ ਅੱਜ ਉਹ ਪੰਜਾਬ ਦੇ ਕਰੀਬ ਬੂਟੇ ਰੁੱਖ ਲਗਾ ਕੇ ਜਾ ਰਹੇ ਹਨ ਜਨਰਲ ਮੈਨੇਜਰ ਕੁਛ ਰਾਜ ਵੱਲੋਂ ਗਰੀਨ ਤੀਰਥ ਕਲੀਨ ਤੀਰਥ ਮੁਹਿੰਮ ਤਹਿਤ ਸਹਿਯੋਗ ਦੇਣ ਤੇ ਧੰਨਵਾਦ ਕੀਤਾ ਗਿਆ ਸ੍ਰੀ ਰਾਮ ਤੀਰਥ ਕੰਪਲੈਕਸ ਲਈ ਜਿੱਥੇ ਐਨਡੀ ਆਰ ਐਫ ਦੀ ਟੀਮ ਦੁਆਰਾ ਅਤੇ ਜਲੰਧਰ ਸਫਾਈ ਅਭਿਆਨ ਟੀਮ ਵੱਲੋਂ ਸਫਾਈ ਮੁਹਿੰਮ ਐਨ ਆਰ ਆਈ ਪਰਿਵਾਰਾਂ ਵੱਲੋਂ ਡਸਟਬੀਨ ਵੀ ਦਾਨ ਕੀਤੇ ਗਏ ਹਨ ਸੰਸਥਾ ਦੁਆਰਾ ਲਗਾਏ ਗਏ ਬੂਟਿਆਂ ਦਾ ਪਾਲਣ ਪੋਸ਼ਣ ਦੀ ਜਿੰਮੇਵਾਰੀ ਸਰਾਈਨ ਬੋਰਡ ਸ੍ਰੀ ਰਾਮ ਤੀਰਥ ਵੱਲੋਂ ਲਈ ਗਈ ਹੈ ਇਸ ਮੌਕੇ ਵਿਕਾਸ ਸਮੇਤ ਟੀਮ ਹਾਜ਼ਰ ਸੀ

# ਬੇਟੀ ਦੇ ਜਨਮ ਦਿਨ ’ਤੇ ਆਪਣੇ ਜੱਦੀ ਪਿੰਡ ’ਚ ਬੂਟੇ ਲਗਾਉਣ ਦਾ ਸਲਾਂਘਾਯੋਗ ਉਪਰਾਲਾ

## ਪਿੰਡ ਪੰਜ ਗਰਾਈਆਂ ਵਾਹਲਾ ’ਚ ਭੇਜੇ 11000 ਰੁਪਏ



**ਚੌਂਕ ਮਹਿਤਾ, 20 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੀ. ਐਚ.ਪੀ ਪੈਕਰਜ ਅਤੇ ਮੂਵਰਜ ਦੇ ਸੰਚਾਲਕ ਗੁਰਵਿੰਦਰ ਸਿੰਘ ਗੁਰੀ ਦੀ ਬੇਟੀ ਪਰਲੀਨ ਕੌਰ ਦੇ ਜਨਮ ਦਿਨ ਅਤੇ ਅਕਾਲ ਪੁਰਖ ਵੱਲੋਂ ਪਿਛਲੇ ਮਹੀਨੇ ਉਨ੍ਹਾਂ ਨੂੰ ਬਖਸ਼ੀ ਪੁੱਤਰ ਦੀ ਦਾਤ ਦੀ ਖੁਸ਼ੀ ’ਚ ਅਯੋਜਿਤ ਇਕ ਡਿਨਰ ਪਾਰਟੀ ਦੋਰਾਨ ਪਰਿਵਾਰ ਵੱਲੋਂ ਪੰਜਾਬ ਦੇ ਵਾਤਾਵਰਨ ਸਬੰਧੀ ਸੁਚੇਤ ਹੁੰਦਿਆਂ ਆਪਣੇ ਜੱਦੀ ਪਿੰਡ ਪੰਜਗਰਾਈਆਂ ਵਾਹਲਾ ਨੇੜੇ ਰਮਦਾਸ (ਅੰਮ੍ਰਿਤਸਰ) ਵਿਖੇ 11 ਹਜ਼ਾਰ ਰੁਪਏ ਦੇ ਛਾਂਦਾਰ ਬੂਟੇ ਲਗਾਉਣ ਦਾ ਸਲਾਂਘਾਯੋਗ ਉਪਰਾਲਾ ਕੀਤਾ ਗਿਆ ਹੈ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਵਿੰਦਰ ਸਿੰਘ ਗੁਰੀ ਅਤੇ ਉਨ੍ਹਾਂ ਦੀ ਧਰਮ ਪਤਨੀ ਹਰਿੰਦਰ ਕੌਰ ਨੇ ਦੱਸਿਆ ਕਿ ਸਾਡੇ ਪਰਿਵਾਰ ਦੀ ਚਿਰੋਕਣੀ ਇੱਛਾ ਰਹੀ ਹੈ, ਕਿ ਆਪਣੀ ਕਿਰਤ ਕਮਾਈ ’ਚੋਂ ਕੁਝ ਪੈਸੇ ਕਿਸੇ ਸਾਂਝੇ ਸਮਾਜਿਕ ਕ ?ਰਜ ਲਈ ਖਰਚ ਕੀਤੇ ਜਾਣ ਇਸੇ ਤਹਿਤ ਅਸੀਂ ਆਪਣੀ ਬੇਟੀ ਪਰਲੀਨ ਕੌਰ ਦੇ ਜਨਮ ਦਿਨ ਅਤੇ ਬੇਟੇ ਗੁਰਸਹਿਬ ਸਿੰਘ ਦੇ ਜਨਮ ਦੀ ਖੁਸੀ ਮੋਕੇ ਜਿਥੇ ਕਿ ਸਾਕ ਸਬੰਧੀਆਂ ਨਾਲ ਡਿੰਨਰ ਪਾਰਟੀ ਸਾਂਝੀ ਕਰਨ ਦਾ ਫੈਸਲਾ ਕੀਤਾ ਹੈ ਉਥੇ ਰੁੱਖਾਂ ਦੀ ਘਾਟ ਕਾਰਨ ਗੰਧਲੇ ਹੋ ਰਹੇ ਪੰਜਾਬ ਦੇ ਵਾਤਾਵਰਨ ਸਬੰਧੀ ਸਚੇਤ ਹੁੰਦਿਆਂ ਆਪਣੇ ਜੱਦੀ ਪਿੰਡ ਪੰਜਗਰਾਈਆਂ ਵਾਹਲਾ ਨੇੜੇ ਰਮਦਾਸ (ਅੰਮ੍ਰਿਸਰ) ’ਚ ਨਵੇਂ ਬੂਟੇ ਲਗਾਉਣ ਲਈ 11 ਹਜਾਰ ਰੁਪਏ ਦੀ ਰਾਸ਼ੀ ਪੰਜਾਬ ਭੇਜਣ ਦਾ ਫੈਸਲਾ ਲਿਆ ਗਿਆ ਹੈ। ਉਨ੍ਹਾਂ ਪੰਜਾਬੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਜਿਥੇ ਉਹ ਆਪਣੇ ਖੁਸ਼ੀ ਦੇ ਮੌਕੇ ’ਤੇ ਹੋਰ ਖਰਚੇ ਕਰਦੇ ਹਨ ਉਥੇ ਪੰਜਾਬ ਵਿਚ ਨਵੇਂ ਬੂਟੇ ਲਗਾਉਣ ’ਚ ਵੀ ਸਹਿਯੋਗ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਪੰਚ ਸਰਦਾਰ ਹਰਜੀਤ ਸਿੰਘ ਰੋਡੇ (ਭਰਾਤਾ ਵੀਂਹਵੀ ਸਦੀ ਦੇ ਮਹਾਨ ਸਿੱਖ ਸੰਤ ਗਿ: ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ) ਦੀ

# ਅੰਤਿਮ ਅਰਦਾਸ ਸਮਾਗਮ ਵਿੱਚ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਪੰਥਕ ਸ਼ਖਸੀਅਤਾਂ ਨੇ ਲਗਵਾਈ ਹਾਜ਼ਰੀ









**ਮੋਗਾ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਰਪੰਚ ਸਰਦਾਰ ਹਰਜੀਤ ਸਿੰਘ ਰੋਡੇ (ਭਰਾਤਾ ਵੀਂਹਵੀ ਸਦੀ ਦੇ ਮਹਾਨ ਸਿੱਖ ਸੰਤ ਗਿ: ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ) ਦੀ ਅੰਤਿਮ ਅਰਦਾਸ ਸਮਾਗਮ ਵਿੱਚ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ.ਸਿਮਰਨਜੀਤ ਸਿੰਘ ਮਾਨ ਸਾਬਕਾ MP,ਸ. ਸਰਬਜੀਤ ਸਿੰਘ ਖਾਲਸਾ MP ਫਰੀਦਕੋਟ,ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ SGPC,ਭਾਈ ਜਸਬੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,ਭਾਈ ਗੁਰਦੀਪ ਸਿੰਘ ਬਠਿੰਡਾ,ਭਾਈ ਪਰਮਜੀਤ ਸਿੰਘ ਸਹੌਲੀ,ਜਥੇਦਾਰ ਬੂਟਾ ਸਿੰਘ ਰਣਸੀਂਹ,ਭਾਈ ਮਨਜੀਤ ਸਿੰਘ ਭੂਰਾ ਕੋਹਨਾ,ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ SGPC,ਸੰਤ ਬਲਦੇਵ ਸਿੰਘ ਜੋਗੇਵਾਲਾ ਦਮਦਮੀ ਟਕਸਾਲ,ਭਾਈ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸੰਤ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੁਆਬਾ,ਐਡਵੋਕੇਟ ਸ਼ਿੰਦਰਪਾਲ ਸਿੰਘ ਬਰਾੜ ਫਾਰਮਰ ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ,ਭਾਈ ਨਿਧੜਕ ਸਿੰਘ ਬਰਾੜ,ਸ਼ਹੀਦ ਪਰਿਵਾਰ ਅਤੇ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ Naam Japo
ਕਿਰਤ ਕਰੋ Kirat Karo
ਵੰਡ ਛਕੋ Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra**
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

## ਸਾਂਸਦ ਭਾਈ ਖਾਲਸਾ ਦੇ ਪਿਤਾ ਅਤੇ

# ਸਾਂਸਦ ਸਰਬਜੀਤ ਸਿੰਘ ਦਾ ਪੰਮਾ ਬਾਠ ਨੇ ਕੀਤਾ ਸਨਮਾਨ




ਧੂਰੀ ( ਰਣਜੀਤ ਸਿੰਘ ਪੇਧਨੀ ) ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਤੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਪ੍ਰਮੁੱਖ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਅਤੇ ਸ਼ਹੀਦ ਬੇਅੰਤ ਸਿੰਘ ਦੇ ਸਪੁੱਤਰ ਅਤੇ ਹਲਕਾ ਫ਼ਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖ਼ਾਲਸਾ ਸੰਤ ਬਾਬਾ ਅਤਰ ਸਿੰਘ ਜੀ ਦੇ ਚਰਨ ਸੋਹ ਅਸਥਾਨ ਮਸਤੂਆਣਾ ਸਾਹਿਬ ਵਿਖੇ ਪੁੱਜੇ। ਜਿਨ੍ਹਾਂ ਦਾ ਧੂਰੀ ਹਲਕੇ ਦੇ ਉੱਘੇ ਸਮਾਜ ਸੇਵੀ ਸ, ਪਰਮਜੀਤ ਸਿੰਘ ਪੰਮਾ ਬਾਠ ਨੇ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਮੌਕੇ ਧੂਰੀ ਹਲਕੇ ਦੇ ਉੱਘੇ ਸਮਾਜ ਸੇਵੀ ਸ, ਪਰਮਜੀਤ ਸਿੰਘ ਬਾਠ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਸਿੱਖ ਨੌਜਵਾਨੀ ਨੂੰ ਨਸ਼ਿਆਂ ਦੀ ਦਲ ਦਲ ਵਿੱਚੋਂ ਕੱਢਣ ਕੱਢ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨ ਦਾ ਵਿਸ਼ੇਸ਼ ਉਪਰਾਲਾ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੇ ਕੀਤਾ। ਪਰ ਸਰਕਾਰਾਂ ਨੇ ਉਹਨਾਂ ਉੱਤੇ ਧੱਕੇ ਨਾਲ ਐਨਐਸਏ ਲਗਾ ਕੇ ਡਿਪਰੂਗੜ੍ਹ ਦੀ ਜੇਲ ਵਿੱਚ ਬੰਦ ਕੀਤਾ। ਲੰਘੀਆਂ ਲੋਕ ਸਭਾ ਚੋਣਾਂ ਵਿੱਚ ਖਡੂਰ ਸਾਹਿਬ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਭਾਈ ਸਾਹਿਬ ਨੇ ਇਤਿਹਾਸ ਰਚਿਆ ਹੈ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਸਰਦਾਰ ਤਰਸੇਮ ਸਿੰਘ ਅਤੇ ਭਾਈ ਬੇਅੰਤ ਸਿੰਘ ਦੇ ਸਪੁੱਤਰ ਸੰਸਦ ਸਰਬਜੀਤ ਸਿੰਘ ਦਾ ਸਨਮਾਨ ਕਰਕੇ ਆਪਣੇ ਆਪ ਚ ਮਾਨ ਮਹਿਸੂਸ ਕਰ ਰਹੇ ਹਾਂ। ਇਸ ਮੌਕੇ ਉਹਨਾਂ ਦੇ ਨਾਲ ਸਤਿਗੁਰ ਸਿੰਘ ਨਮੋਲ, ਸੁਖਪਾਲ ਸ਼ਰਮਾ ਭੱਦਲਵੜ ਹਾਜਰ ਸਨ।

## ਮੁਲਾਜ਼ਮਾਂ ਦੇ ਹੱਕਾਂ ਲਈ ਰਣਵੀਰ ਢਿੱਲੋ ਵਲੋਂ ਕੀਤਾ ਸੰਘਰਸ਼

# ਕਿਰਤੀਆਂ ਕਾਮਿਆਂ ਲਈ ਹਮੇਸ਼ਾ ਮਿਸਾਲ ਬਣਿਆ ਰਹੇਗਾ : ਪ੍ਰੋ. ਬਡੂੰਗਰ

**ਪਟਿਆਲਾ , 20 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ ਦੇ ਹੱਕਾਂ ਲਈ ਤਿੱਖਾ ਹਮੇਸ਼ਾ ਤਤਪਰ ਅਤੇ ਸੰਘਰਸ਼ ਕਰਦੀਆਂ ਰਹੀਆਂ ਪ੍ਰਮੁੱਖ ਜਥੇਬੰਦੀਆਂ ਪੰਜਾਬ ਸੁਬੋਰਡੀਨੇਟ ਸਰਵਿਸਿਸ ਫੈਡਰੇਸ਼ਨ ਦੇ ਪ੍ਰਧਾਨ ਰਣਵੀਰ ਸਿੰਘ ਢਿੱਲੋ ਸੀਪੀਆਈ, ਤਰਲੋਚਨ ਸਿੰਘ ਰਾਣਾ ਸੀਪੀਆਈਐਮ ਤੇ ਅਕਾਲੀ ਦਲ ਦੀ ਜਥੇਬੰਦੀ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ



ਕੀਤੀ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਅਕਾਲੀ ਦਲ ਦੀ ਪ੍ਰਮੁੱਖ ਜਥੇਬੰਦੀ ਜੋ ਮੁਲਾਜ਼ਮਾਂ ਦੇ ਹਿੱਤਾਂ ਦੀ ਪਹਿਰੇਦਾਰੀ ਕਰਦੀ ਰਹੀ ਦੇ ਪ੍ਰਧਾਨ

ਚਰਨਜੀਤ ਸਿੰਘ ਵਾਲੀਆ ਅਤੇ ਜਨਰਲ ਸਕੱਤਰ ਵਜੋਂ ਉਹ ਖੁਦ ਅਹੁਦੇ ਤੇ ਸੇਵਾਵਾਂ ਨਿਭਾਉਦੇ ਰਹੇ । ਉਨ੍ਹਾਂ ਅੱਗੇ ਕਿਹਾ ਕਿ

ਪੰਜਾਬ ਸੁਬੋਰਡੀਨੇਟ ਸਰਵਿਸਿਸ ਫੈਡਰੇਸ਼ਨ ਦੇ ਪ੍ਰਧਾਨ ਰਣਵੀਰ ਸਿੰਘ ਢਿੱਲੋ ਸੀਪੀਆਈ ਦੀ ਮੌਤ ਤੇ ਕਹਿ ਰਹੇ ਦੁੱਖ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਇਸ ਨਾਲ ਪੰਜਾਬ ਦੇ ਮੁਲਾਜ਼ਮਾਂ ਅਤੇ ਜਥੇਬੰਦੀਆਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ, ਕਿਉਂਕਿ ਉਹ ਪੰਜਾਬ ਦੇ ਕਿਰਤੀ ਕਾਮਿਆਂ ਵਾਸਤੇ ਹਮੇਸ਼ਾ ਸੰਘਰਸ਼ਸ਼ੀਲ ਰਹੇ ਦੇ ਮੁਲਾਜ਼ਮਾਂ ਦੀਆਂ ਮੰਗਾਂ ਮਨਾਉਣ ਵਿੱਚ ਹਮੇਸ਼ਾ ਮੋਹਰੀ ਹੋ ਕੇ ਸੇਵਾਵਾਂ ਨਿਭਾਉਂਦੇ ਰਹੇ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਰਣਬੀਰ ਸਿੰਘ ਢਿੱਲੋ ਵੱਲੋਂ ਨਿਭਾਈਆਂ ਗਈਆਂ ਮੁਲਾਜ਼ਮ ਹਿਤੈਸ਼ੀ ਅਤੇ ਮੁਲਾਜ਼ਮਾਂ ਦੇ ਹੱਕਾਂ ਲਈ ਕੀਤਾ ਗਿਆ ਸੰਘਰਸ਼ ਹਮੇਸ਼ਾ ਕਿਰਤੀਆਂ ਕਾਮਿਆਂ ਲਈ ਹਮੇਸ਼ਾ ਮਿਸਾਲ ਬਣਿਆ ਰਹੇਗਾ।

## ਸਰਪੰਚ ਸਮੇਤ ਤਿੰਨ ਲੋਕਾਂ ਦੀ

# ਅਲੀਵਾਲ ਅਪਰਬਾਰੀ ਦੁਆਬ ਨਹਿਰ ਵਿੱਚ ਡੁੱਬਣ ਨਾਲ ਮੌਤ -ਦੋ ਲਾਸ਼ਾ ਬ੍ਰਾਮਦ ਤੀਸਰੇ ਦੀ ਭਾਲ ਜਾਰੀ

**ਚੌਂਕ ਮਹਿਤਾ, 20 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਬਟਾਲਾ ਦੇ ਨਜਦੀਕ ਪਿੰਡ ਅਲੀਵਾਲ ਵਿਖੇ ਦੇਰ ਸ਼ਾਮ ਅਪਰਬਾਰੀ ਦੁਆਬ ਨਹਿਰ ਵਿੱਚ ਨਹਾ ਰਹੇ ਤਿੰਨ ਲੋਕਾ ਦੇ ਡੁੱਬਣ ਦਾ ਮਾਮਲਾ ਸਾਹਮਣੇ ਆਇਆ ਹੈ । ਜਾਣਕਾਰੀ ਅਨੁਸਾਰ ਦੋ ਦੀਆਂ ਲਾਸ਼ਾਂ ਬਰਾਮਦ ਹੋਈਆਂ ਹਨ ਅਤੇ ਤੀਸਰੇ ਦੀ ਭਾਲ ਜਾਰੀ ਹੈ। ਪਾਣੀ ਦੇ ਤੇਜ ਵਹਾਅ ਵਿੱਚ ਪਿੰਡ ਭਾਰਥਵਾਲ ਦਾ ਸਰਪੰਚ ਰਣਬੀਰ ਸਿੰਘ ਰੁੜ੍ਹ ਗਿਆ, ਜਿਸ ਨੂੰ ਬਚਾਉਣ ਵਾਸਤੇ ਉਸਦੇ ਤਿੰਨ ਸਾਥੀ ਮੱਖਣ ਸਿੰਘ ਅਤੇ ਕਰਤਾਰ ਸਿੰਘ ਡੁੱਬ ਰਹੇ ਸਰਪੰਚ ਨੂੰ





ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਹ ਦੋਵੇਂ ਖ਼ੁਦ ਵੀ ਰੁੜ੍ਹ ਗਏ । ਸਰਪੰਚ ਰਣਬੀਰ ਸਿੰਘ ਦੇ ਭਰਾ ਨੇ ਦੱਸਿਆ ਕਿ ਸਾਨੂੰ 7 ਕੁ ਵਜੇ ਸ਼ਾਮ ਨੂੰ ਪਤਾ ਲੱਗਾ ਅਸੀਂ ਉਸੇ ਵੇਲੇ ਮੌਕੇ ਤੇ ਪਹੁੰਚੇ ਜਦ ਕਿ ਮੱਖਣ ਸਿੰਘ ਤੇ ਕਰਤਾਰ ਸਿੰਘ,ਸਰਪੰਚ ਰਣਬੀਰ ਸਿੰਘ ਬਚਾਉਣ ਲੱਗੇ ਸੀ ਉਹ ਵੀ ਰੁੜ ਗਏ ਜਦੋਂ ਕੇ ਰੁੱੜ ਰਹੇ ਚੌਥੇ ਬੰਦੇ ਨੂੰ ਅਸੀਂ ਪੱਗਾ ਸੁੱਟ ਕੇ ਤੇ ਬਚਾ ਲਿਆ ਗਿਆ ਹੈ। ਗੋਤਾਂ ਖੋਰਾਂ ਦੀ ਮਦੱਦ ਨਾਲ ਦੋ ਲਾਸ਼ਾਂ ਬਰਾਮਦ ਕੀਤੀਆਂ ਹਨ ਤੀਸਰੇ ਦੀ ਭਾਲ ਜਾਰੀ ਹੈ, ਘਟਨਾ ਸਬੰਧੀ ਅਸੀਂ ਨਹਿਰੀ ਵਿਭਾਗ ਦੇ ਐਸ.ਡੀ.ਓ ਅਤੇ ਪੁਲਿਸ ਪ੍ਰਸ਼ਾਸਨ ਨੂੰ ਵੀ ਸੂਚਿਤ ਕਰ ਦਿੱਤਾ । ਇਲਾਕਾ ਨਿਵਾਸੀਆ ਨੇ ਪ੍ਰਸ਼ਾਸਨਿਕ ਮੰਗ ਕਰਦੇ ਕਿਹਾ ਕਿ ਆਏ ਅਜਿਹੀਆ ਘਟਨਾਵਾਂ ਵਾਪਰ ਜਾਂਦੀਆ ਹਨ ਜਗਾ ਜਗਾ ਖਤਰੇ ਦੇ ਬੋਰਡਾ ਤੋਂ ਇਲਾਵਾ ਨਹਿਰ ਵਿੱਚ ਪੌੜੀਆਂ ਨੁਮਾ ਕੁੰਡੇ ਵੀ ਬਣਾਏ ਜਾਣ ਤਾਂ ਜੋ ਕਦੇ ਵੀ ਐਮਰਜੈਸੀ ਦੌਰਾਨ ਲੋੜ ਪੈ ਜਾਵੇ ਤਾਂ ਰੁੜੇ ਜਾਦੇ ਲੋਕਾਂ ਨੂੰ ਬਚਾਓਣ ਦਾ ਉਪਰਾਲਾ ਕੀਤਾ ਜਾ ਸਕੇ।

# ਬਹੁਤ ਹੀ ਮਿੱਠ ਬੋਲੜੇ ਅਤੇ ਧਾਰਮਿਕ ਖਿਆਲਾਂ ਅਤੇ ਬਾਣੀ ਬਾਣੇ ਦੇ ਧਾਰਨੀ ਅਤੇ ਨਿਤਨੇਮੀ-ਬੀਬੀ ਸੁਰਿੰਦਰ ਕੌਰ

## ਅੱਜ ਬਰਸੀ ਵਿਸ਼ੇਸ਼



ਬੀਬੀ ਸੁਰਿੰਦਰ ਕੌਰ ਬਹੁਤ ਹੀ ਮਿੱਠ ਬੋਲੜੇ ਅਤੇ ਧਾਰਮਿਕ ਖਿਆਲਾਂ ਅਤੇ ਬਾਣੀ ਬਾਣੇ ਦੇ ਧਾਰਨੀ ਅਤੇ ਨਿਤਨੇਮੀ ਸਨ। ਬੀਬੀ ਸੁਰਿੰਦਰ ਕੌਰ ਜੀ ਦਾ ਜਨਮ 1973 ਨੂੰ ਪਿਤਾ ਸ, ਝੰਡਾ ਸਿੰਘ, ਮਾਤਾ ਸੁਰਜੀਤ ਕੌਰ ਦੇ ਘਰ ਪਿੰਡ ਬਘਿਆੜੀ ਜਿਲਾ ਤਰਨ ਤਾਰਨ ਵਿਖੇ ਹੋਇਆਂ ਉਨ੍ਹਾਂ ਨੇ ਪਿੰਡ ਬਘਿਆੜੀ ਵਿਖੇ ਸਰਕਾਰੀ ਸਕੂਲ ਵਿੱਚ ਵਿਦਿਆ ਪ੍ਰਾਪਤ ਕੀਤੀ, ਸੁਰਿੰਦਰ ਕੌਰ ਸਿਲਾਈ ਕਢਾਈ ਦੇ ਕੰਮ ਵਿੱਚ ਬਹੁਤ ਮਾਹਿਰ ਸਨ। ਬੀਬੀ ਸੁਰਿੰਦਰ ਕੌਰ ਦਾ ਆਨੰਦ ਕਾਰਜ 20 ਫਰਵਰੀ 1991 ਨੂੰ ਸ੍ਰੀ ਮਾਨ ਸੰਤ ਬਾਬਾ ਸਤਨਾਮ ਸਿੰਘ ਸਪੁੱਤਰ ਸ, ਦੀਦਾਰ ਸਿੰਘ ਵਾਸੀ ਅੱਡਾ ਭਿੱਖੀਵਿੰਡ ਜਿਲਾ ਤਰਨ ਤਾਰਨ ਨਾਲ ਹੋਇਆ। ਬਾਬਾ ਸਤਨਾਮ ਸਿੰਘ ਜੋ ਕਿ ਅੱਜ ਕੱਲ ਪਿੰਡ ਕੰਧਾਵਾਲੀ (ਵੱਲੀਆ) ਜਿਲਾ ਫਿਰੋਜ਼ਪੁਰ ਵਿਖੇ ਗੁਰਦੁਆਰਾ ਪਰਉਪਕਾਰੀ ਭਾਈ ਲੱਧਾ ਜੀ ਦੇ ਮੁੱਖ ਸੇਵਾਦਾਰ ਹਨ, ਬਾਬਾ ਸਤਨਾਮ ਸਿੰਘ ਵੱਡੀਆਂ ਇੰਟਰਨੈਸ਼ਨਲ ਪੰਥਕ ਦਲ ਦੇ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਵੀ ਹਨ, ਬੀਬੀ ਸੁਰਿੰਦਰ ਕੌਰ ਗੁਰੂ ਘਰ ਦੇ ਪ੍ਰਬੰਧ ਬਹੁਤ ਹੀ ਸੁੱਚਜੇ ਢੰਗ ਨਾਲ ਸੰਭਾਲਦੇ ਸਨ। ਕਿਉਂਕਿ ਬਾਬਾ ਸਤਨਾਮ ਸਿੰਘ ਜੀ ਨੂੰ ਜਥੇਬੰਦੀ ਵਿੱਚ ਸੇਵਾ ਕਰਦਿਆਂ ਕਈ ਵਾਰ ਪੰਥਕ ਕਾਰਜਾਂ ਵਾਸਤੇ ਦੂਰ ਦੁਰਾਡੇ ਜਾ ਜੇਲ੍ਹ, ਥਾਨੇ ਜਾਣਾ ਪੈਦਾ ਤਾਂ ਉਨ੍ਹਾਂ ਦੇ ਪਿੱਛੋਂ ਬੀਬੀ ਸੁਰਿੰਦਰ ਕੌਰ ਬਹੁਤ ਜਿਮੇਵਾਰੀ ਨਿਭਾਉਂਦੇ ਸਨ। ਬੀਬੀ ਜੀ 47 ਸਾਲ ਉਮਰ ਭੋਗ ਕੇ ਪਿਛਲੇ ਦਿਨੀ 23 ਜੁਲਾਈ 2020 ਦਿਨ ਵੀਰਵਾਰ ਅੰਮ੍ਰਿਤ ਵੇਲੇ ਆਪਣੇ ਪਰਿਵਾਰ ਵੱਡੇ ਪੁੱਤਰ ਸਰਬਜੀਤ ਸਿੰਘ, ਨੂੰਹ ਗੁਰਸ਼ਰਨ ਕੌਰ, ਧੀ ਸੰਦੀਪ ਕੌਰ ਅਤੇ ਛੋਟੇ ਪੁੱਤਰ ਗੁਰਜੀਤ ਸਿੰਘ ਨੂੰ ਛੱਡ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਜੀ ਬੀਬੀ ਸੁਰਿੰਦਰ ਕੌਰ ਦੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਖਸ਼ਣ। ਬੀਬੀ ਸੁਰਿੰਦਰ ਕੌਰ ਦੀ ਅੱਜ ਚੌਥੀ ਬਰਸੀਂ 21 ਜੁਲਾਈ 2024 ਦਿਨ ਐਤਵਾਰ ਨੂੰ ਗੁਰਦੁਆਰਾ ਪਰਉਪਕਾਰੀ ਭਾਈ ਲੱਧਾ ਜੀ ਵਿਖੇ ਸਵੇਰੇ 10 ਵਜੇ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ। ਉਪਰੰਤ ਸਾਮ ਤੱਕ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ, ਕਥਾ, ਕਵੀਸਰ ਹਾਜ਼ਰੀ ਭਰਨਗੇ। ਦੇਸਾ ਵਿਦੇਸਾਂ ਦੀਆਂ ਸਮੂਹ ਸੰਗਤਾਂ ਨੂੰ ਸੰਤ ਬਾਬਾ ਸਤਨਾਮ ਸਿੰਘ ਦੀ ਵੱਲੀਆ ਵੱਲੋਂ ਬੇਨਤੀ ਹੈ ਕਿ ਬੀਬੀ ਸੁਰਿੰਦਰ ਕੌਰ ਨੂੰ ਸਰਧਾ ਦੇ ਫੁੱਲ ਭੇਟ ਕਰਨ ਲਈ ਹਾਜਰੀਆ ਭਰਨ।

**-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**

# ਮੁਲਾਜ਼ਮ ਆਗੂ ਢਿੱਲੋਂ ਦੀ ਮੌਤ ਤੇ ਮੁਲਾਜ਼ਮਾਂ ਕੀਤਾ ਦੁੱਖ ਦਾ ਪ੍ਰਗਟਾਵਾ

**ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :—** ਪੰਜਾਬ ਦੇ ਮੁਲਾਜ਼ਮ ਲਹਿਰ ਦੇ ਬਾਨੀ ਆਗੂ ਅਤੇ ਮੁਲਾਜ਼ਮ ਵਰਗ ਅਤੇ ਪੈਨਸ਼ਨਰਜ਼ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਸਿਰੜੀ ਅਤੇ ਅਣਥਕ ਯੋਧੇ ਸ੍ਰੀ ਰਣਬੀਰ ਸਿੰਘ ਢਿੱਲੋਂ ਦੀ ਮੌਤ ਤੇ ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਬਹੁਤ ਅਫਸੋਸ ਅਤੇ ਦੁੱਖ ਪ੍ਰਗਟ ਕੀਤਾ ਗਿਆ। ਇਕ ਸਾਂਝੇ ਬਿਆਨ ਵਿੱਚ ਸਾਥੀ ਜਗਦੀਪ ਸਿੰਘ ਢਿਲੋਂ ਸਰਪ੍ਰਸਤ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਕਿਹਾ ਕਿ ਸ੍ਰੀ ਰਣਬੀਰ ਸਿੰਘ ਢਿੱਲੋਂ ਨੇ ਸਾਰਾ ਜੀਵਨ ਸੰਘਰਸ਼ਾਂ ਵਿੱਚ ਲਗਾਇਆ ਅਤੇ ਕਦੇ ਵੀ ਹਾਰ ਨਹੀਂ ਮੰਨੀ, ਉਨ੍ਹਾਂ ਦੇ ਜਾਣ ਨਾਲ ਮੁਲਾਜ਼ਮ ਵਰਗ ਨੂੰ ਬਹੁਤ ਵੱਡਾ ਘਾਟਾ ਪਿਆ ਹੈ, ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰ ਅਤੇ ਸਰਗਰਮ ਕਾਰਕੁੰਨ ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਮਲਕੀਤ ਸਿੰਘ ਸ੍ਰੀ ਆਨੰਦਪੁਰ ਸਾਹਿਬ ਭਜਨ ਸਿੰਘ ਸੰਗਰੂਰ, ਸੁਰਿੰਦਰ ਸਿੰਘ ਰੋਪੜ, ਰਸ਼ਪਾਲ ਸਿੰਘ ਮੱਲ੍ਹੀ, ਰਵੀ ਕੁਮਾਰ ਬਰਗਾੜੀ, ਮਨਜੀਤ ਸਿੰਘ ਮੋਹਾਲੀ, ਬਲਜੀਤ ਸਿੰਘ ਕੰਗ ਖਜਾਨਚੀ, ਸ਼ਾਮ ਲਾਲ ਚਾਵਲਾ, ਰਣਧੀਰ ਸਿੰਘ ਚਕਲ਼, ਪਵਨ ਕੁਮਾਰ ਪਟਿਆਲਾ, ਨਿਰਮਲ ਸਿੰਘ, ਗੁਰਲਾਲ ਸਿੰਘ, ਪ੍ਰਿਥੀ ਰਾਜ, ਮੇਜਰ ਸਿੰਘ ਮੁੰਗ੍ਹਾ, ਸੁਖਪਾਲ ਸਿੰਘ ਆਦਿ ਨੇ ਇਸ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਦੇ ਬਹੁਤ ਹੀ ਨਜਦੀਕੀ ਰਿਸ਼ਤੇਦਾਰ ਦੀ ਦੁਖਦਾਈ ਮੌਤ ਤੇ ਅਫਸੋਸ ਜਾਹਿਰ ਕੀਤਾ।

# ਨਸ਼ਾ ਵੇਚਣ ਵਾਲਿਆਂ ਨੂੰ ਕਿਸੇ ਵੀ ਕੀਮਤ ’ਤੇ ਬਖ਼ਿਸ਼ਆ ਨਹੀਂ ਜਾਵੇਗਾ : ਸਬ ਇੰਸ: ਗੁਰਪਾਲ ਸਿੰਘ

**ਸ਼ੇਰਪੁਰ, (ਰਣਜੀਤ ਸਿੰਘ ਪੇਧਨੀ)**-ਨਸ਼ਾ ਵੇਚਣ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ । ਇਲਾਕੇ ਵਿੱਚ ਨਸੇ ਉੱਪਰ ਕਾਬੂ ਪਾਉਣ ਲਈ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਬ ਇੰਸਪੈਕਟਰ ਗੁਰਪਾਲ ਸਿੰਘ ਨੇ ਕੀਤਾ। ਉਹਨਾਂ ਪਿੰਡਾਂ ਦੇ ਪੰਚਾਂ ਸਰਪੰਚਾਂ ਅਤੇ ਮੋਹਤਵਾਰ ਵਿਅਕਤੀਆਂ ਕੋਲੋਂ ਸਹਿਯੋਗ ਦੀ ਮੰਗ ਕੀਤੀ । ਉਹਨਾਂ ਕਿਹਾ ਕਿ ਜੋ ਨਸ਼ਾ ਵੇਚਦੇ ਹਨ ਉਹਨਾਂ ਦੀ ਸਾਨੂੰ ਸੂਚਨਾ ਦਿੱਤੀ ਜਾਵੇ ਸੂਚਨਾ ਦੇਣ ਵਾਲੇ ਦਾ ਨਾਮ ਪੁਲਿਸ ਪ੍ਰਸ਼ਾਸਨ ਵੱਲੋਂ ਗੁਪਤ ਰੱਖਿਆ ਜਾਵੇਗਾ ਅਤੇ ਜੋ ਬੱਚੇ ਨਸੇ ਦੀ ਦਲ ਦਲ ਵਿੱਚ ਫਸੇ ਹੋਏ ਹਨ ਉਹਨਾਂ ਦਾ ਇਲਾਜ ਕਰਾਉਣ ਵਿੱਚ ਵੀ ਪੁਲਿਸ ਪ੍ਰਸ਼ਾਸਨ ਮਦਦ ਕਰੇਗਾ। ਉਨ੍ਹਾਂ ਕਿਹਾ ਕਿ ਨਸਾ ਕਰਨ ਵਾਲੇ ਬੱਚਿਆਂ ਨੂੰ ਨਸ਼ਾ ਛਡਾਊ ਕੇਂਦਰਾਂ ਵਿੱਚ ਭਰਤੀ ਕਰਾਇਆ ਜਾਵੇਗਾ ਅਤੇ ਪੁਲਿਸ ਪ੍ਰਸ਼ਾਸਨ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹੈ ਕਿਸੇ ਨੂੰ ਵੀ ਕੋਈ ਮੁਸ਼ਿਕਲ ਪੇਸ਼ ਆਉਂਦੀ ਹੈ ਤਾਂ ਉਹ ਬੇਚਿਜਕ ਹੋ ਕੇ ਮੈਨੂੰ ਮਿਲ ਕੇ ਆਪਣੀ ਮੁਸ਼ਕਲ ਦੱਸ ਸਕਦਾ ਹੈ ਅਤੇ ਉਸਦਾ ਹੱਲ ਵੀ ਕੀਤਾ ਜਾਵੇਗਾ।



# ਸੈਂਟਰ ਬਾਹਰ ਖ਼ਤਰਨਾਕ ਗੈਂਗ ਦੇ ਗੁਰਗਿਆਂ ਨੇ ਚਲਾਈਆਂ ਗੋਲੀਆਂ, ਚਿੱਠੀ ’ਚ ਦਿੱਤੀ ਵੱਡੀ ਧਮਕੀ

**ਚੰਡੀਗੜ੍ਹ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਡੇਰਾਬੱਸੀ ਪੁਲਸ ਥਾਣੇ ਨੇੜੇ ਇਕ ਡਾਇਗਨੋਸਟਿਕ ਸੈਂਟਰ ਦੇ ਬਾਹਰ ਗੋਲੀਆਂ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਕਥਿਤ ਕੌਸ਼ਲ ਚੌਧਰੀ ਗੈਂਗ ਦੇ ਗੁਰਗੇ ਹਵਾਈ ਫਾਇਰ ਕਰਕੇ ਫ਼ਰਾਰ ਹੋ ਗਏ। ਮੌਕੇ ’ਤੇ ਮੌਜੂਦ ਲੋਕਾਂ ਮੁਤਾਬਕ ਗੋਲੀ ਚਲਾਉਣ ਵਾਲੇ ਮੋਟਰਸਾਈਕਲ ’ਤੇ ਆਏ ਸਨ। ਉਨ੍ਹਾਂ ਦੀ ਗਿਣਤੀ 3 ਦੱਸੀ ਜਾ ਰਹੀ ਹੈ, ਜੋ ਇਕ ਡਾਇਗਨੋਸਟਿਕ ਸੈਂਟਰ ਦੀ ਰਿਸੈਪਸ਼ਨ ’ਤੇ ਇੱਕ ਧਮਕੀ ਭਰੀ ਚਿੱਠੀ ਦੇ ਕੇ ਨਿਕਲ ਗਏ। ਚਿੱਠੀ ’ਚ ਲਿਖਿਆ ਹੈ ਕਿ ਉਹ ਕੌਸ਼ਲ ਚੌਧਰੀ ਗੈਂਗ ਵਲੋਂ ਆਏ ਹਨ। ਜੇਕਰ ਆਪਣੀ ਸਲਾਮਤੀ ਚਾਹੁੰਦੇ ਹੋ ਤਾਂ ਚਿੱਠੀ ’ਤੇ ਲਿਖੇ ਵਿਦੇਸ਼ੀ ਨੰਬਰ ’ਤੇ ਕਾਲ ਕਰੋ। ਅਜਿਹਾ ਨਾ ਕਰਨ ਦੀ ਸੂਰਤ ’ਚ ਉਨ੍ਹਾਂ ਨੇ 101 ਗੋਲੀਆਂ ਚਲਾਉਣ ਧਮਕੀ ਦਿੱਤੀ। ਫਿਲਹਾਲ ਡੇਰਾਬੱਸੀ ਪੁਲਸ ਨੇ ਡਾਇਗਨੋਸਟਿਕਸ ਸੈਂਟਰ ’ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸੈਂਟਰ ਦੇ ਨੇੜੇ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ।

# ਦਮਦਮੀ ਟਕਸਾਲ ਜਥੇਬੰਦੀ ਵੱਲੋਂ ਬਹੁਤ ਵੱਡਾ ਉਪਰਾਲਾ ਕਰਕੇ ਇੰਗਲੈਂਡ ਦੀ ਧਰਤੀ ਤੇ ਪਹਿਲੀ ਵਾਰ ਦਮਦਮੀ ਟਕਸਾਲ ਦੇ 16ਵੇਂ ਮੁਖੀ ਸੰਤ ਗਿਆਨੀ ਹਰਨਾਮ ਦਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ ਆਦਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਦੇ ਸ਼ੁੱਧ ਪਾਠ ਬੋਧ ਸਮਾਗਮ ਗੁ: ਸ਼੍ਰੀ ਗੁਰੂ ਹਰਿਰਾਇ ਸਾਹਿਬ ਜੀ ਬਰਮਿੰਘਮ (ਇੰਗਲੈਂਡ) ਵਿਖੇ ਮਿਤੀ 20 ਜੁਲਾਈ 2024 ਤੋਂ ਮਿਤੀ 18 ਅਗਸਤ 2024 ਤੱਕ ਬੜ੍ਹੀ ਚੜ੍ਹਦੀਕਲਾ ਨਾਲ ਕਰਵਾਏ ਜਾ ਰਹੇ ਹਨ ।










ਦਮਦਮੀ ਟਕਸਾਲ ਜਥੇਬੰਦੀ ਵੱਲੋਂ ਬਹੁਤ ਵੱਡਾ ਉਪਰਾਲਾ ਕਰਕੇ ਇੰਗਲੈਂਡ ਦੀ ਧਰਤੀ ਤੇ ਪਹਿਲੀ ਵਾਰ ਦਮਦਮੀ ਟਕਸਾਲ ਦੇ 16ਵੇਂ ਮੁਖੀ ਸੰਤ ਗਿਆਨੀ ਹਰਨਾਮ ਦਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ ਆਦਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਦੇ ਸ਼ੁੱਧ ਪਾਠ ਬੋਧ ਸਮਾਗਮ ਗੁ: ਸ਼੍ਰੀ ਗੁਰੂ ਹਰਿਰਾਇ ਸਾਹਿਬ ਜੀ ਬਰਮਿੰਘਮ (ਇੰਗਲੈਂਡ) ਵਿਖੇ ਮਿਤੀ 20 ਜੁਲਾਈ 2024 ਤੋਂ ਮਿਤੀ 18 ਅਗਸਤ 2024 ਤੱਕ ਬੜ੍ਹੀ ਚੜ੍ਹਦੀਕਲਾ ਨਾਲ ਕਰਵਾਏ ਜਾ ਰਹੇ ਹਨ ।

ਆਵਾਜ਼ਿ ਕੌਮ
AWAZE QAUM
International Newspaper & WEB TV



## ਵਰਲਡ ਸਿੱਖ ਪਾਰਲੀਮੈਂਟ ਨੇ

# ਯੂ ਐਨ ਓ ਵਿੱਚ 24 ਪੰਨਿਆਂ ਦੀ ਪੰਜਾਬ ਦੀ ਰਿਪੋਰਟ ਪੇਸ਼ ਕੀਤੀ

## ਸੰਯੁਕਤ ਰਾਸ਼ਟਰ ਦੀ ਮਨੁੱਖੀ ਅਧਿਕਾਰ ਕਮੇਟੀ ਨੇ ਭਾਰਤ ਨੂੰ ਫੋਕੀ ਬਿਆਨਬਾਜ਼ੀ ਛੱਡ ਕੇ ਠੋਸ ਹੱਲ ਕਰਨ ਦੀ ਲੋੜ ਤੇ ਦਿੱਤਾ ਜ਼ੋਰ

**ਲੰਡਨ, 20 ਜੁਲਾਈ ( ਸਰਬਜੀਤ ਸਿੰਘ ਬਨੂੜ)** - ਭਾਰਤ ਦੀਆਂ ਸੰਯੁਕਤ ਰਾਸ਼ਟਰ ਦੁਆਰਾ ਆਪਣੇ ਮਨੁੱਖੀ ਅਧਿਕਾਰਾਂ ਦੇ ਰਿਕਾਰਡ ਦੀ ਜਾਂਚ ਤੋਂ ਬਚਣ ਦੀਆਂ ਕੋਸ਼ਿਸ਼ਾਂ ਇਸ ਹਫਤੇ ਜਨੇਵਾ ਵਿੱਚ ਬਹੁਤ ਹੀ ਸ਼ਰਮਨਾਕ ਢੰਗ ਨਾਲ ਖਤਮ ਹੋਈਆਂ। 20 ਸਾਲਾਂ ਦੀ ਦੇਰੀ ਤੋਂ ਬਾਅਦ, ਮਨੁੱਖੀ ਅਧਿਕਾਰ ਕਮੇਟੀ (HRC) ਨੇ ਨਾਗਰਿਕ ਅਤੇ ਰਾਜਨੀਤਕ ਅਧਿਕਾਰਾਂ (ICCPR) 'ਤੇ 1966 ਦੇ ਅੰਤਰਰਾਸ਼ਟਰੀ ਇਕਰਾਰਨਾਮੇ ਅਨੁਸਾਰ ਭਾਰਤ ਵੱਲੋਂ ਕੀਤੀ ਜਾ ਰਹੀ ਪਾਲਣਾ ਦੀ ਸਮੀਖਿਆ ਕੀਤੀ। ਵਰਲਡ ਸਿੱਖ ਪਾਰਲੀਮੈਂਟ ਦੇ ਡੈਲੀਗੇਸ਼ਨ ਵਿੱਚੋਂ ਭਾਈ ਰਣਜੀਤ ਸਿੰਘ ਸਰਾਏ, ਭਾਈ ਮਨਪ੍ਰੀਤ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ ਨੇ ਮਨੁੱਖੀ ਅਧਿਕਾਰ ਕਮੇਟੀ (HRC) ਦੇ ਮੈਂਬਰਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਉੱਤਰ ਦਿੱਤੇ ।ਇਸ ਤੋਂ ਇਲਾਵਾ ਡੈਲੀਗੇਸ਼ਨ ਵਿੱਚ ਭਾਈ ਜੋਗਾ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਅਮਰੀਕ ਸਿੰਘ ਸਹੋਤਾ, ਹਰਜੋਤ ਸਿੰਘ, ਜਤਿੰਦਰ ਸਿੰਘ ਆਦਿ ਸ਼ਾਮਲ ਹੋਏ ।

ਇਸ ਮੌਕੇ ਉੱਤੇ ਵਰਲਡ ਸਿੱਖ ਪਾਰਲੀਮੈਂਟ ਨੇ 24 ਪੰਨਿਆਂ ਦੀ ਇੱਕ ਰਿਪੋਰਟ ਪੇਸ਼ ਕੀਤੀ ਅਤੇ ਮਨੁੱਖੀ ਅਧਿਕਾਰ ਕਮੇਟੀ (HRC) ਦੇ ਮੈਂਬਰਾਂ ਨਾਲ ਮੁਲਾਕਾਤ ਕੀਤੀ ।ਸਮੀਖਿਆ ਦੌਰਾਨ ਭਾਰਤ ਦੇ ਵਫ਼ਦ ਨੂੰ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਬਾਰੇ ਸਖ਼ਤ ਸਵਾਲਾਂ ਦਾ ਸਾਹਮਣਾ ਕਰਨਾ ਪਿਆ, ਜਿਸ ਨੂੰ ਭਾਰਤ ਅੰਦਰ ਵਿਆਪਕ ਤੌਰ 'ਤੇ ਫਾਸ਼ੀਵਾਦੀ ਬਹੁਗਿਣਤੀ ਦੀ ਸਰਕਾਰ ਵੱਲੋਂ ਚਲਾਇਆ ਜਾ ਰਿਹਾ ਹੈ।

ਸਿੱਖਾਂ ਨੇ ਪੰਜਾਬ ਅੰਦਰ ਭਾਰਤ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਠੋਸ ਸਬੂਤ ਪੇਸ਼ ਕੀਤੇ ਅਤੇ ਸ਼ਾਂਤੀਪੂਰਨ ਸੰਘਰਸ਼ ਦੇ ਹੱਲ ਲਈ ਸੰਯੁਕਤ ਰਾਸ਼ਟਰ ਦੇ ਦਖਲ ਦੀ ਮੰਗ ਕੀਤੀ।ਉਨ੍ਹਾਂ ਨੇ ਸਿੱਖ ਕੌਮ ਦੇ ਸਵੈ-ਨਿਰਣੇ ਦੇ ਅਧਿਕਾਰ ਤੋਂ ਭਾਰਤ ਦੇ ਇਨਕਾਰ ਨੂੰ ਉਜਾਗਰ ਕੀਤਾ। ਸਿੱਖਾਂ ਨੇ ਸਿੱਖ ਕੌਮ ਨੂੰ ਉਸਦੇ ਸਵੈ-ਨਿਰਣੇ ਦੇ ਅਧਿਕਾਰ ਤੋਂ ਇਨਕਾਰ ਕਰਨ ਲਈ ਭਾਰਤ ਨੂੰ ਜਵਾਬਦੇਹ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਉਨ੍ਹਾਂ ਨੇ ਸਵੈ-ਨਿਰਣੇ ਦਾ ਅਧਿਕਾਰ ਆਈ ਸੀ ਸੀਪੀ ਆਰ (ICCPR) ਦੇ ਅਨੁਛੇਦ 1 ਵਿੱਚ ਦਰਜ ਹੈ ਅਤੇ ਮਨੁੱਖੀ ਅਧਿਕਾਰ ਕਮੇਟੀ ਇਸ ਨੂੰ ਉਸ ਆਧਾਰ ਵਜੋਂ ਦੇਖਦੀ ਹੈ ਜਿਸ 'ਤੇ ਹੋਰ ਸਾਰੇ ਮਨੁੱਖੀ ਅਧਿਕਾਰ ਨਿਰਭਰ ਕਰਦੇ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਮੀਖਿਆ ਦੌਰਾਨ ਐਚਆਰਸੀ (HRC) ਮੈਂਬਰਾਂ ਨੇ ਭਾਰਤੀ ਵਫ਼ਦ ਨੂੰ ਵਾਰ-ਵਾਰ ਦੱਸਿਆ ਕਿ ਉਹ ਸੰਵਿਧਾਨਕ ਅਤੇ ਵਿਧਾਨਕ ਪ੍ਰਬੰਧਾਂ ਬਾਰੇ ਭਾਰਤ ਸਰਕਾਰ ਦੇ ਪ੍ਰਾਪੇਗੰਡੇ ਵਿੱਚ ਦਿਲਚਸਪੀ ਨਹੀਂ ਰੱਖਦੇ ।ਉਨ੍ਹਾਂ ਨੇ ਭਾਰਤ ਵਿੱਚ ਮਨੁੱਖੀ ਅਧਿਕਾਰਾਂ ਦੀ ਗੰਭੀਰ ਸਥਿਤੀ ਨੂੰ ਮਾਨਤਾ ਦੇਣ ਦੀ ਮੰਗ ਕੀਤੀ। ਭਾਰਤ ਦੇ ਸਾਲਿਸਟਰ ਜਨਰਲ ਅਤੇ ਅਟਾਰਨੀ ਜਨਰਲ ਮੌਜੂਦਗੀ ਵਿੱਚ ਇਹ ਭਾਰਤ ਦੇ ਬਿਰਤਾਂਤ ਘਾੜਿਆਂ ਲਈ ਬਹੁਤ ਹੀ ਸ਼ਰਮਨਾਕ ਪਲ ਸੀ। ਭਾਰਤ ਵੱਲੋਂ ਸਮੀਖਿਆ ਨੂੰ ਗੰਭੀਰਤਾ ਨਾਲ ਲੈਣ ਤੋਂ ਇਨਕਾਰ ਕਰਨ ਨਾਲ ਅੰਤਰਰਾਸ਼ਟਰੀ ਭਾਈਚਾਰੇ ਨੂੰ ਚਿੰਤਾ ਕਰਨੀ ਚਾਹੀਦੀ ਹੈ, ਵਿਸ਼ਵ ਵਿਆਪੀ ਪੱਧਰ ਤੇ ਫੈਸਲੇ ਲੈਣ ਵਾਲੀਆਂ ਤਾਕਤਾਂ ਨੂੰ ਭਾਰਤ ਦੇ ਵਿਗੜ ਰਹੇ ਮਨੁੱਖੀ ਅਧਿਕਾਰਾਂ ਦੇ ਉਲੰਘਣ ਨੂੰ ਹੱਲ ਕਰਨ ਦੀ ਅਪੀਲ ਕਰਨੀ ਚਾਹੀਦੀ ਹੈ, ਜਿਸ ਨਾਲ ਦੂਜੇ ਦੇਸ਼ਾਂ ਦੇ ਪ੍ਰਭੂਸੱਤਾ ਅਧਿਕਾਰਾਂ ਨੂੰ ਵੀ ਖ਼ਤਰਾ ਪੈਦਾ ਹੋ ਗਿਆ ਹੈ।

ਇਸ ਮੌਕੇ ਕੈਨੇਡਾ ਦੀ ਇੱਕ ਸੀਨੀਅਰ ਮਨੁੱਖੀ ਅਧਿਕਾਰਾਂ ਦੀ ਮਾਹਰ ਮਾਰਸੀਆ ਕ੍ਰਾਨ ਨੇ ਕਿਹਾ ਕਿ ਐਚਆਰਸੀ (HRC) ਸਿੱਖਾਂ ਅਤੇ ਹੋਰਾਂ ਵਿਰੁੱਧ ਭਾਰਤ ਦੇ ਹਾਲ ਹੀ ਵਿੱਚ ਸਾਹਮਣੇ ਆਏ ਅੰਤਰ-ਰਾਸ਼ਟਰੀ ਜਬਰ ਤੋਂ "ਬਹੁਤ ਦੁਖੀ" ਹੈ, ਜਿਸ ਵਿੱਚ ਭਾਰਤ ਦੀਆਂ ਖੁਫੀਆ ਏਜੰਸੀਆਂ ਦੇ ਨਾਲ-ਨਾਲ ਉੱਚ-ਦਰਜੇ ਦੇ ਸਰਕਾਰੀ ਅਧਿਕਾਰੀਆਂ ਨੇ "ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ" ਵਿੱਚ ਕਈ ਦੇਸ਼ਾਂ ਵਿੱਚ ਰਾਜਨੀਤਿਕ ਵਿਰੋਧੀਆਂ ਨੂੰ ਕਤਲ ਕੀਤਾ ਹੈ ।ਯਾਦ ਰਹੇ ਕਿ ਪਿਛਲੇ ਸਾਲ ਭਾਰਤੀ ਏਜੰਟਾਂ ਦੁਆਰਾ ਕੈਨੇਡਾ ਵਿੱਚ ਇੱਕ ਪ੍ਰਮੁੱਖ ਸਿੱਖ ਕਾਰਕੁਨ ਦੀ ਹੱਤਿਆ ਕਰ ਦਿੱਤੀ ਗਈ ਸੀ ਦੀ ਵੀ ਚਰਚਾ ਹੋਈ। ਮਾਰਸੀਆ ਕ੍ਰਾਨ ਦੀ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਖਤਮ ਕਰਨ ਅਤੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਦੇ ਭਰੋਸੇ ਲਈ ਉਸ ਦੀ ਬੇਨਤੀ ਨੂੰ ਭਾਰਤੀ ਵਫਦ ਵੱਲੋਂ ਇੱਕ ਸਧਾਰਨ ਦਾਅਵੇ ਨਾਲ ਪੂਰਾ ਕੀਤਾ ਗਿਆ ਸੀ ਕਿ ਇਹ ਮਾਮਲੇ ਜਾਂਚ ਅਧੀਨ ਹਨ ਅਤੇ ਇਸ ਲਈ ਅਜਿਹਾ ਕੋਈ ਭਰੋਸਾ ਨਹੀਂ ਦਿੱਤਾ ਜਾ ਸਕਦਾ ਹੈ।

ਸਿੱਖਾਂ ਨੇ ਐਚਆਰਸੀ (HRC) ਅਤੇ ਹੋਰ ਬਹੁਤ ਸਾਰੀਆਂ ਸਮਾਜਿਕ ਸੰਸਥਾਵਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਭਾਰਤ ਦੀ ਇਸ ਸਮੀਖਿਆ ਵਿੱਚ ਯੋਗਦਾਨ ਪਾਇਆ ਜੋ ਆਖਰ ਕਾਰ 27 ਸਾਲਾਂ ਦੀ ਲੰਮੀ ਉਡੀਕ ਤੋਂ ਬਾਅਦ ਆਯੋਜਿਤ ਕੀਤੀ ਗਈ। ਸਿੱਖਾਂ ਵੱਲੋਂ ਐਚਆਰਸੀ (HRC) ਨਾਲ ਗੱਲਬਾਤ ਜਾਰੀ ਰੱਖੀ ਜਾਵੇਗੀ ਅਤੇ ਜੋ ਜਲਦ ਹੀ ਐਚਆਰਸੀ ਭਾਰਤ ਵੱਲੋਂ ਆਪਣੀਆਂ ਆਈਸੀਸੀਪੀਆਰ (ICCPR) ਦੀਆਂ ਜ਼ਿੰਮੇਵਾਰੀਆਂ ਦੀ ਪਾਲਣਾ ਨਾ ਕਰਨ ਬਾਰੇ ਆਪਣੀਆਂ ਅੰਤਮ ਸਿਫ਼ਾਰਸ਼ਾਂ ਜਾਰੀ ਕਰੇਗੀ ।

ਵਰਲਡ ਸਿੱਖ ਪਾਰਲੀਮੈਂਟ ਵੱਲੋਂ ਭਾਰਤ ਸਰਕਾਰ ਦੀ ਸਮੀਖਿਆਂ ਦੀ ਇਸ ਪ੍ਰਕਿਰਿਆ ਵਿੱਚ ਸੰਯੁਕਤ ਰਾਸ਼ਟਰ ਦੇ ਨਾਲ ਬੇਮਿਸਾਲ ਸ਼ਮੂਲੀਅਤ ਨੇ ਸਿੱਖ ਕੌਮ ਦੇ ਮਨੁੱਖੀ ਅਧਿਕਾਰਾਂ ਦੀਆਂ ਮੁੱਖ ਚਿੰਤਾਵਾਂ ਨੂੰ ਉਜਾਗਰ ਕੀਤਾ । ਸੰਯੁਕਤ ਰਾਸ਼ਟਰ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਯਾਦ ਦਿਵਾਇਆ ਗਿਆ ਹੈ ਕਿ ਸਿੱਖ ਪੰਜਾਬ ਵਿੱਚ ਇੱਕ ਪ੍ਰਭੂਸੱਤਾ ਸੰਪੰਨ, ਆਜ਼ਾਦ ਵਤਨ ਦੇ ਰੂਪ ਵਿੱਚ ਆਪਣੇ ਸਵੈ-ਨਿਰਣੇ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਵਚਨਬੱਧ ਹਨ ਅਤੇ ਨਾਲ ਹੀ ਇਸ ਵਿਰੁੱਧ ਪਿਛਲੇ 40 ਸਾਲਾਂ ਵਿੱਚ ਭਾਰਤੀ ਸਰਕਾਰ ਅਤੇ ਗੈਰ-ਸਰਕਾਰੀ ਅਨਸਰਾਂ ਵੱਲੋਂ ਕੀਤੇ ਗਏ ਨਸਲਕੁਸ਼ੀ ਹਮਲਿਆਂ ਲਈ ਅੰਤਰਰਾਸ਼ਟਰੀ ਕਾਨੂੰਨੀ ਜਵਾਬਦੇਹੀ ਨੂੰ ਯਕੀਨੀ ਬਣਾਉਣਗੇ। ਇਸ ਮੌਕੇ ਤੇ ਰਾਜਨੀਤਿਕ ਕੈਦੀਆਂ ਦੀ ਰਿਹਾਈ, ਸਿੱਖ ਧਰਮ ਨੂੰ ਆਜ਼ਾਦਾਨਾ ਤੌਰ 'ਤੇ ਅਭਿਆਸ ਕਰਨ ਦਾ ਅਧਿਕਾਰ (ਮੌਜੂਦਾ ਸਮੇਂ ਵਿੱਚ ਸਿੱਖ ਭਾਰਤੀ ਸੰਵਿਧਾਨ ਅਨੁਸਾਰ ਹਿੰਦੂ ਧਰਮ ਦਾ ਹਿੱਸਾ ਹਨ), ਪੰਜਾਬ ਦੇ ਖੇਤਰੀ ਅਤੇ ਦਰਿਆਈ ਪਾਣੀਆਂ ਦੀ ਰਾਖੀ, ਪ੍ਰਗਟਾਵੇ ਦੀ ਆਜ਼ਾਦੀ ਦੇ ਅਧਿਕਾਰ ਤੇ ਹੋਰ ਜ਼ਰੂਰੀ ਵਿਸ਼ਿਆਂ ਪ੍ਰਤੀ ਚਾਨਣਾ ਪਾਇਆ ਗਿਆ। ਵਰਲਡ ਸਿੱਖ ਪਾਰਲੀਮੈਂਟ ਦੀ ਇਸ ਸਫਲ ਪਹਿਲ ਕਦਮੀ ਨੇ ਦਿਖਾਇਆ ਹੈ ਕਿ ਜਦੋਂ ਅੰਤਰਰਾਸ਼ਟਰੀ ਕਾਨੂੰਨ ਦੀ ਗੱਲ ਆਉਂਦੀ ਹੈ ਤਾਂ ਭਾਰਤ ਕਟਹਿਰੇ ਵਿੱਚ ਹੈ। ਆਜ਼ਾਦੀ ਅਤੇ ਨਿਆਂ ਲਈ ਸਿੱਖ ਸੰਘਰਸ਼ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਵਾਨਿਤ ਕਾਨੂੰਨੀ ਮਾਪਦੰਡਾਂ ਦੁਆਰਾ ਅਧਾਰਤ ਹੈ।ਵਰਲਡ ਸਿੱਖ ਪਾਰਲੀਮੈਂਟ ਉਸ ਸੰਘਰਸ਼ ਲਈ ਵਚਨਬੱਧ ਹੈ ਅਤੇ ਸਾਰੇ ਸਿੱਖਾਂ ਨੂੰ ਸਾਰੇ ਉਪਲਬਧ ਸਿਆਸੀ, ਕਾਨੂੰਨੀ ਅਤੇ ਸਮਾਜਿਕ ਵਿਧੀਆਂ ਨਾਲ ਜੁੜ ਕੇ ਉਸ ਕੌਮੀ ਯਤਨ ਵਿੱਚ ਯੋਗਦਾਨ ਪਾਉਣ ਲਈ ਸੱਦਾ ਦਿੰਦੀ ਹੈ।27 ਸਾਲਾਂ ਤੋਂ ਬਾਅਦ, ਇਸ ਹਫ਼ਤੇ ਮਨੁੱਖੀ ਅਧਿਕਾਰ ਕਮੇਟੀ ਅੱਗੇ ਭਾਰਤ ਦੀ ਅਪਮਾਨਜਨਕ ਵਾਪਸੀ, ਇਹ ਦਰਸਾਉਂਦੀ ਹੈ ਕਿ ਆਖਰਕਾਰ ਇੱਕ ਕਾਨੂੰਨ ਹੀਣ ਰਾਜ ਲਈ ਲੁਕਣ ਦੀ ਕੋਈ ਥਾਂ ਨਹੀਂ ਹੈ ਅਤੇ ਤਾਕਤਵਾਰ ਦਾ ਸਦਾ 'ਸੱਤੀਂ ਵੀਹੀਂ ਸੌ ਨਹੀਂ ਹੁੰਦਾ' ਹੈ।